ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 10 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੮ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਸਰਕਾਰ ਮਿਹਰਬਾਨ ਤਾਂ...

## ਡੇਰਾ ਮੁਖੀ ਰਾਮ ਰਹੀਮ ਮੁੜ ਜੇਲ੍ਹ ਤੋਂ ਆਇਆ ਬਾਹਰ



**ਨਵੀਂ ਦਿੱਲੀ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਰਕਾਰ ਇੱਕ ਵਾਰ ਫਿਰ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ 'ਤੇ ਮਿਹਰਬਾਨ ਹੋ ਗਈ ਹੈ। ਹਰਿਆਣਾ ਸਰਕਾਰ ਨੇ ਰਾਮ ਰਹੀਮ ਨੂੰ 21 ਦਿਨਾਂ ਦੀ ਫਰਲੋ ਦੇ ਦਿੱਤੀ ਹੈ। ਰਾਮ ਰਹੀਮ ਅੱਜ ਸਵੇਰੇ ਰੋਹਤਕ ਜੇਲ੍ਹ ਤੋਂ ਬਾਹਰ ਆਇਆ। ਹਨੀਪ੍ਰੀਤ ਖੁਦ ਰਾਮ ਰਹੀਮ ਨੂੰ ਲੈਣ ਪਹੁੰਚੀ ਸੀ। ਉਹ ਸਖ਼ਤ ਪੁਲਿਸ ਸੁਰੱਖਿਆ ਵਿਚਕਾਰ ਸਿਰਸਾ ਕੈਂਪ ਗਿਆ। ਜਾਣਕਾਰੀ ਅਨੁਸਾਰ ਰਾਮ ਰਹੀਮ ਇਸ ਵਾਰ ਸਿਰਸਾ ਡੇਰੇ ਵਿੱਚ ਹੀ ਰਹੇਗਾ। ਦੱਸਿਆ ਜਾ ਰਿਹਾ ਹੈ ਕਿ ਸਿਰਸਾ ਪਹੁੰਚਣ 'ਤੇ ਰਾਮ ਰਹੀਮ ਸਿੰਘ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਆਪਣੇ ਪੈਰੋਕਾਰਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦੇ ਠਹਿਰਨ ਦੌਰਾਨ ਡੇਰੇ ਨਾ ਜਾਣ। ਦੱਸ ਦਈਏ ਕਿ 21 ਦਿਨਾਂ ਦੀ ਫਰਲੋ ਦੀ ਪ੍ਰਵਾਨਗੀ ਤੋਂ ਬਾਅਦ, ਰਾਮ ਰਹੀਮ ਅੱਜ ਸਵੇਰੇ 6:40 ਵਜੇ ਪੁਲਿਸ ਸੁਰੱਖਿਆ ਹੇਠ ਆਪਣੇ ਸਿਰਸਾ ਕੈਂਪ ਲਈ ਰਵਾਨਾ ਹੋ ਗਿਆ। ਰਾਮ ਰਹੀਮ 2017 ਤੋਂ ਰੋਹਤਕ ਦੀ ਸੁਨਾਰੀਆ ਜੇਲ੍ਹ ਵਿੱਚ ਬੰਦ ਹੈ, ਦੋ ਸਾਧਵੀਆਂ ਨਾਲ ਬਲਾਤਕਾਰ ਅਤੇ ਪੱਤਰਕਾਰ ਛਤਰਪਤੀ ਦੇ ਕਤਲ ਦੇ ਮਾਮਲੇ ਵਿੱਚ ਸਜ਼ਾ ਕੱਟ ਰਿਹਾ ਹੈ।

## ਗੁਰਦਾਸਪੁਰ 'ਚ

# ਬੀਐਸਐਫ ਦੀ ਚੌਂਕੀ ਨੇੜੇ ਹੋਇਆ ਬਲਾਸਟ



**ਗੁਰਦਾਸਪੁਰ/ਅੰਮ੍ਰਿਤਸਰ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ ਵਿੱਚ ਬੀਐਸਐਫ ਦੀ ਬੀਓਪੀ ਚੌਂਤਰਾ ਚੌਂਕੀ ਨੇੜੇ ਬਲਾਸਟ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਧਮਾਕੇ ਵਿੱਚ ਬੀਐਸਐਫ ਦਾ ਇੱਕ ਜਵਾਨ ਕਾਂਸਟੇਬਲ ਸੋਹਣ ਸਿੰਘ ਜ਼ਖ਼ਮੀ ਹੋ ਗਿਆ ਹੈ, ਜਿਸ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਨਿੱਜੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਬੀਐਸਐਫ ਦੀ ਚੌਂਤਰਾ ਪੋਸਟ ਦੇ ਨੇੜੇ ਬਲਾਸਟ ਹੋਣ ਕਾਰਨ ਲੋਕਾਂ ਵਿੱਚ ਸਹਿਮ ਦਾ ਮਾਹੌਲ ਹੈ। ਬੀਐਸਐਫ ਦੇ ਅਧਿਕਾਰੀ ਜਾਂਚ ਲਈ ਮੌਕੇ 'ਤੇ ਪਹੁੰਚ ਗਏ ਹਨ। ਜਾਣਕਾਰੀ ਅਨੁਸਾਰ ਮੰਗਲਵਾਰ ਰਾਤ ਨੂੰ ਬੀਐਸਐਫ ਦੇ ਚੌਂਤਰਾ ਬੀਓਪੀ ਜਵਾਨ ਕੰਡਿਆਲੀ ਤਾਰ ਦੇ ਨੇੜੇ ਡਿਊਟੀ 'ਤੇ ਸਨ ਤਾਂ ਅਚਾਨਕ ਧਮਾਕਾ ਹੋ ਗਿਆ ਅਤੇ ਬੀਐਸਐਫ ਜਵਾਨ ਦਾ ਪੈਰ ਜ਼ਖਮੀ ਹੋ ਗਿਆ। ਘਟਨਾ ਦੀ ਖ਼ਬਰ ਸੁਣਦਿਆਂ ਹੀ ਬੀਐਸਐਫ ਦੇ ਸੀਨੀਅਰ ਅਧਿਕਾਰੀ ਅਤੇ ਹੋਰ ਪੁਲਿਸ ਮੁਲਾਜ਼ਮ ਮੌਕੇ 'ਤੇ ਪਹੁੰਚ ਗਏ ਅਤੇ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ। ਜ਼ਖਮੀ ਜਵਾਨ ਨੂੰ ਇਲਾਜ ਲਈ ਅੰਮ੍ਰਿਤਸਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਬੀਐਸਐਫ ਅਤੇ ਪੰਜਾਬ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਫਿਲਹਾਲ ਬੀਐਸਐਫ ਅਤੇ ਪੰਜਾਬ ਪੁਲਿਸ ਵੱਲੋਂ ਪੂਰੇ ਮਾਮਲੇ ਸਬੰਧੀ ਕੋਈ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਪੰਜਾਬ ਪੁਲਿਸ ਅਤੇ ਬੀਐਸਐਫ ਦੀਆਂ ਟੀਮਾਂ ਇਸ ਵੇਲੇ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਜਾਂਚ ਪੂਰੀ ਹੋਣ ਤੋਂ ਬਾਅਦ ਪਤਾ ਲੱਗੇਗਾ ਕਿ ਧਮਾਕਾ ਕੀ ਚੀਜ਼ ਦਾ ਸੀ ਅਤੇ ਕਿਵੇਂ ਹੋਇਆ।

## ਭਾਜਪਾ ਆਗੂ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਹਮਲਾ ਕਰਨ ਵਾਲੇ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਨੇ 6 ਦਿਨਾਂ ਪੁਲਿਸ ਰਿਮਾਂਡ 'ਤੇ ਭੇਜਿਆ



**ਜਲੰਧਰ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲੰਧਰ 'ਚ ਭਾਜਪਾ ਆਗੂ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਦੇ ਮਾਮਲੇ ਵਿੱਚ ਅੱਜ ਦੋਵੇਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਜਿੱਥੇ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਨੇ 6 ਦਿਨਾਂ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਦੱਸਿਆ ਜਾ ਰਿਹਾ ਹੈ ਕਿ ਦੋਵੇਂ ਮੁਲਜ਼ਮ ਰਵਿੰਦਰ ਕੁਮਾਰ ਨਿਵਾਸੀ ਸੁਭਾਨਾ ਰੋਡ, ਗੜ੍ਹਾ, ਜਲੰਧਰ ਅਤੇ ਸਤੀਸ਼ ਉਰਫ ਕਾਕਾ ਨਿਵਾਸੀ ਭਾਰਗੋ ਕੈਂਪ, ਜਲੰਧਰ ਦੇ ਹੀ ਰਹਿਣ ਵਾਲੇ ਹਨ। ਪੁਲਿਸ ਨੇ ਕਿਹਾ ਕਿ ਮੁਲਜ਼ਮਾਂ ਤੋਂ ਪੁੱਛਗਿੱਛ ਦੌਰਾਨ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਪੰਜਾਬ ਪੁਲਸ ਨੇ ਆਪਣੀਆਂ ਕੁਝ ਟੀਮਾਂ ਦੂਜੇ ਸੂਬਿਆਂ ਵਿਚ ਵੀ ਭੇਜੀਆਂ ਹਨ। ਗ੍ਰਿਫ਼ਤਾਰ ਕੀਤੇ ਗਏ ਦੋਵਾਂ ਮੁਲਜ਼ਮਾਂ ਤੋਂ ਪੁੱਛਗਿੱਛ ਤੋਂ ਬਾਅਦ ਪੁਲਿਸ ਨੂੰ ਮਹੱਤਵਪੂਰਨ ਸੁਰਾਗ ਮਿਲੇ ਹਨ। ਦਰਅਸਲ 'ਚ ਸੋਮਵਾਰ-ਮੰਗਲਵਾਰ ਦੀ ਦਰਮਿਆਨੀ ਰਾਤ ਜਲੰਧਰ ਦੇ ਸੈਂਟਰਲ ਟਾਊਨ ਵਿਚ ਸੀਨੀਅਰ ਭਾਜਪਾ ਨੇਤਾ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਹਮਲਾ ਹੋਇਆ ਸੀ। ਜਿਸ ਤੋਂ ਬਾਅਦ ਪੁਲਿਸ ਨੇ 12 ਘੰਟਿਆਂ ਦੇ ਅੰਦਰ-ਅੰਦਰ ਕੇਸ ਸੁਲਝਾ ਲਿਆ ਅਤੇ ਦੋਵਾਂ ਨੂੰ ਗ੍ਰਿਫ਼ਤਾਰ ਕਰ ਲਿਆ। ਇਸ ਘਟਨਾ ਦੇ ਸਬੰਧ 'ਚ ਪੁਲਿਸ ਨੇ ਕੱਲ੍ਹ ਈ-ਰਿਕਸ਼ਾ ਬਰਾਮਦ ਕੀਤਾ ਸੀ। ਪੰਜਾਬ ਪੁਲਸ ਦੇ ਵਿਸ਼ੇਸ਼ ਡੀ.ਜੀ. ਪੀ. (ਕਾਨੂੰਨ ਅਤੇ ਵਿਵਸਥਾ) ਅਰਪਿਤ ਸ਼ੁਕਲਾ ਨੇ ਦੱਸਿਆ ਸੀ ਕਿ ਮੁੱਢਲੀ ਜਾਂਚ ਵਿਚ ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਆਈ.ਐੱਸ.ਆਈ. ਵਲੋਂ ਪੰਜਾਬ ਵਿਚ ਫਿਰਕੂ ਸਦਭਾਵਨਾ ਨੂੰ ਵਿਗਾੜਨ ਲਈ ਰਚੀ ਗਈ ਇਕ ਵੱਡੀ ਸਾਜ਼ਿਸ਼ ਦਾ ਖ਼ੁਲਾਸਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਇਸ ਸਾਜ਼ਿਸ਼ ਦਾ ਮਾਸਟਰਮਾਈਂਡ ਜ਼ੀਸ਼ਾਨ ਅਖ਼ਤਰ ਸੀ, ਜੋ ਕਿ ਗੈਂਗਸਟਰ ਲਾਰੈਂਸ ਬਿਸ਼ਨੋਈ ਅਤੇ ਪਾਕਿਸਤਾਨ ਸਥਿਤ ਗੈਂਗਸਟਰ ਸ਼ਹਿਜ਼ਾਦ ਭੱਟੀ ਦਾ ਕਰੀਬੀ ਸਾਥੀ ਹੈ।

## ਪਾਸਟਰ ਬਰਜਿੰਦਰ ਸਿੰਘ ਦੇ ਸਾਥੀ ਖਿਲਾਫ਼ ਮਾਮਲਾ ਦਰਜ, ਇਸਾਈ ਭਾਈਚਾਰੇ ਨੂੰ ਭੜਕਾਉਣ ਅਤੇ ਸਿੱਖਾਂ ਖਿਲਾਫ਼ ਸ਼ੋਸ਼ਲ ਮੀਡੀਆ 'ਤੇ ਵੀਡੀਓ ਪਾਉਣ ਦਾ ਆਰੋਪ



**ਚੰਡੀਗੜ੍ਹ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਾਸਟਰ ਬਰਜਿੰਦਰ ਸਿੰਘ ਦੇ ਸਾਥੀ ਸੁਰਜੀਤ ਸਿੰਘ ਥਾਪਰ ਖਿਲਾਫ਼ ਪੁਲਿਸ ਥਾਣਾ ਬਲੌਂਗੀ 'ਚ ਮਾਮਲਾ ਦਰਜ ਹੋਇਆ ਹੈ। ਇਸਾਈ ਭਾਈਚਾਰੇ ਨੂੰ ਭੜਕਾਉਣ ਅਤੇ ਸਿੱਖਾਂ ਖਿਲਾਫ਼ ਸ਼ੋਸ਼ਲ ਮੀਡੀਆ 'ਤੇ ਵੀਡੀਓ ਪਾਉਣ ਕਰਕੇ ਇਹ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਨੇ ਮੋਹਾਲੀ ਜ਼ਿਲ੍ਹੇ ਦੇ ਥਾਣਾ ਬਲੌਂਗੀ 'ਚ ਐਫਆਈਆਰ ਨੰਬਰ 77 ਰਜਿਸਟਰ ਕਰਕੇ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਇਸ ਮਾਮਲੇ 'ਚ ਪਾਸਟਰ ਬਜਿੰਦਰ ਸਿੰਘ ਦੇ ਕਰੀਬ 5 ਤੋਂ 7 ਸਾਥੀਆਂ ਨੂੰ ਨਾਮਜ਼ਦ ਕੀਤਾ ਗਿਆ ਹੈ। ਉਨ੍ਹਾਂ ਖਿਲਾਫ਼ 351(2) 356(2) 79 ਬੀ. ਐਨ. ਐਸ. ਅਤੇ 67, 72 ਆਈ. ਟੀ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਆਰੋਪੀ ਦਾ ਨਾਮ ਸੁਰਜੀਤ ਸਿੰਘ ਥਾਪਰ ਦੱਸਿਆ ਜਾ ਰਿਹਾ ਹੈ। ਸੁਰਜੀਤ ਸਿੰਘ ਥਾਪਰ ,ਪਾਸਟਰ ਬਜਿੰਦਰ ਸਿੰਘ ਦਾ ਸ਼ੋਸ਼ਲ ਮੀਡੀਆ ਇੰਚਾਰਜ ਅਤੇ ਸਪੋਕਸਪਰਸਨ ਦੱਸਿਆ ਜਾ ਰਿਹਾ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਮੁਹਾਲੀ ਦੀ ਅਦਾਲਤ ਨੇ ਜਬਰ ਜਨਾਹ ਦੇ ਮਾਮਲੇ ਵਿਚ ਪਾਸਟਰ ਬਜਿੰਦਰ ਸਿੰਘ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਇਸ ਦੇ ਨਾਲ ਹੀ ਅਦਾਲਤ ਨੇ ਉਸ ਨੂੰ 1 ਲੱਖ ਰੁਪਏ ਜ਼ੁਰਮਾਨਾ ਵੀ ਲਗਾਇਆ ਗਿਆ ਹੈ। ਪਾਸਟਰ ਬਜਿੰਦਰ ਸਿੰਘ ਨੂੰ ਇਹ ਸਜ਼ਾ ਧਾਰਾ 376 (2), 323 ਤੇ 506 ਤਹਿਤ ਸੁਣਾਈ ਗਈ ਸੀ। ਪਾਸਟਰ ਬਜਿੰਦਰ ਸਿੰਘ 'ਤੇ ਔਰਤ ਨੂੰ ਵਿਦੇਸ਼ ਭੇਜਣ ਦੇ ਬਹਾਨੇ ਆਪਣੇ ਘਰ ਲੈ ਜਾਣ ਦਾ ਦੋਸ਼ ਹੈ, ਜਿੱਥੇ ਉਸ ਨਾਲ ਜਬਰ ਜਨਾਹ ਕੀਤਾ ਗਿਆ ਅਤੇ ਵੀਡੀਓ ਬਣਾਈ ਗਈ ਤੇ ਪਾਦਰੀ ਵਲੋਂ ਉਸ ਨੂੰ ਧਮਕੀ ਵੀ ਦਿੱਤੀ ਕਿ ਜੇਕਰ ਉਸ ਨੇ ਉਸ ਦਾ ਵਿਰੋਧ ਕੀਤਾ ਤਾਂ ਉਹ ਵੀਡੀਓ ਸੋਸ਼ਲ ਮੀਡੀਆ 'ਤੇ ਪੋਸਟ ਕਰ ਦੇਵੇਗਾ।

## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਇੱਕ ਹੋਰ ਸਾਥੀ ਨੂੰ ਲਿਆਂਦਾ ਜਾਵੇਗਾ ਪੰਜਾਬ

**ਚੰਡੀਗੜ੍ਹ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਂਸਦ ਅੰਮ੍ਰਿਤਪਾਲ ਸਿੰਘ ਦੇ ਇੱਕ ਹੋਰ ਸਾਥੀ ਨੂੰ ਪੰਜਾਬ ਲਿਆਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਪਪਲਪ੍ਰੀਤ ਤੇ ਲੱਗਿਆ ਐਨਐਸਏ ਦੀ ਮਿਆਦ ਪੂਰੀ ਹੋ ਗਈ ਹੈ ਜਿਸ ਦੇ ਚੱਲਦੇ ਉਸ ਨੂੰ ਪੰਜਾਬ ਪੁਲਿਸ ਹੁਣ ਪੰਜਾਬ ਲੈ ਕੇ ਆਵੇਗੀ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਪੁਲਿਸ ਪਪਲਪ੍ਰੀਤ ਨੂੰ ਪੰਜਾਬ ਲਿਆਉਣ ਦੇ ਲਈ ਡਿਬਰੂਗੜ੍ਹ ਲਈ ਰਵਾਨਾ ਹੋ ਗਈ ਹੈ। ਦੱਸ ਦਈਏ ਕਿ ਪੰਜਾਬ ਪੁਲਿਸ ਟ੍ਰਾਂਜ਼ਿਟ ਰਿਮਾਂਡ ਹਾਸਲ ਕਰ ਪਪਲਪ੍ਰੀਤ ਨੂੰ ਪੁਲਿਸ ਪੰਜਾਬ ਲਿਆਉਣਗੇ।

## ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਮਨਾਉਣ ਲਈ ਦਿੱਲੀ ਤੋਂ 253 ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਵਾਸਤੇ ਹੋਇਆ ਰਵਾਨਾ



**ਨਵੀਂ ਦਿੱਲੀ, 9 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਦਿੱਲੀ ਤੋਂ 253 ਸ਼ਰਧਾਲੂਆਂ ਦਾ ਜੱਥਾ ਰਵਾਨਾ ਕੀਤਾ ਗਿਆ ਜੋ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਕਰਨ ਉਪਰੰਤ ਵਾਪਸ ਪਰਤੇਗਾ। ਗੁਰਦੁਆਰਾ ਰਕਾਬ ਗੰਜ ਸਾਹਿਬ ਤੋਂ ਅਰਦਾਸ ਕਰਨ ਉਪਰੰਤ ਜਥਾ ਰਵਾਨਾ ਕੀਤਾ ਗਿਆ। ਦਿੱਲੀ ਕਮੇਟੀ ਦੇ ਸਲਾਹਕਾਰ ਪਰਮਜੀਤ ਸਿੰਘ ਚੰਢੋਕ ਵਲੋ ਸਾਰੇ ਸ਼ਰਧਾਲੂਆਂ ਦਾ ਸਨਮਾਨ ਕੀਤਾ ਗਿਆ। ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਵੀ ਜਥੇ ਵਿਚ ਜਾਣ ਵਾਲੀਆਂ ਸੰਗਤਾਂ ਨੂੰ ਵਧਾਈ ਦਿੱਤੀ। ਸਰਦਾਰ ਚੰਢੋਕ ਨੇ ਦੱਸਿਆ ਕਿ ਇਸ ਵਾਰ ਦੇਸ਼ ਭਰ ਤੋਂ 6751 ਸ਼ਰਧਾਲੂਆਂ ਦੇ ਖਾਲਸਾ ਸਾਜਨਾ ਦਿਵਸ ਮੌਕੇ ਗੁਰੂ ਘਰਾਂ ਦੇ ਦਰਸ਼ਨ ਵਾਸਤੇ ਵੀਜ਼ੇ ਲੱਗੇ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ 253 ਵੀਜ਼ੇ ਅਪਲਾਈ ਕੀਤੇ ਸਨ ਤੇ ਸਾਰੇ ਹੀ ਵੀਜ਼ੇ ਲੱਗ ਗਏ ਹਨ। ਉਹਨਾਂ ਦੱਸਿਆ ਕਿ ਇਹ ਜੱਥਾ 10 ਅਪ੍ਰੈਲ ਨੂੰ ਸਵੇਰੇ 6.00 ਵਜੇ ਵਾਹਗਾ ਬਾਰਡਰ ਰਾਹੀਂ ਪਾਕਿਸਤਾਨ ਵਿਚ ਦਾਖਲ ਹੋਵੇਗਾ। ਉਹਨਾਂ ਦੱਸਿਆ ਕਿ ਅੱਧਾ ਗਰੁੱਪ ਗੁਰਦੁਆਰਾ ਪੰਜਾ ਸਾਹਿਬ ਤੇ ਅੱਧਾ ਗੁਰਦੁਆਰਾ ਕਰਤਾਰਪੁਰ ਸਾਹਿਬ ਜਾਵੇਗਾ। ਉਹਨਾਂ ਦੱਸਿਆ ਕਿ 12 ਅਪ੍ਰੈਲ ਨੂੰ ਇਹ ਦੋਵੇਂ ਜੱਥੇ ਨਨਕਾਣਾ ਸਾਹਿਬ ਵਿਖੇ ਇਕੱਠੇ ਹੋ ਜਾਣਗੇ ਅਤੇ 12, 13 ਤੇ 14 ਨੂੰ ਵਿਸਾਖੀ ਮਨਾਉਣਗੇ। ਉਹਨਾਂ ਦੱਸਿਆ ਕਿ ਜਿਹੜੇ ਸ਼ਰਧਾਲੂ ਪਹਿਲਾਂ ਪੰਜਾ ਸਾਹਿਬ ਗਏ ਹਨ, ਉਹ ਕਰਤਾਰਪੁਰ ਸਾਹਿਬ ਜਾਣਗੇ ਤੇ ਜਿਹੜੇ ਕਰਤਾਰਪੁਰ ਸਾਹਿਬ ਗਏ ਹਨ, ਉਹ ਪੰਜਾ ਸਾਹਿਬ ਜਾਣਗੇ। ਉਹਨਾਂ ਕਿਹਾ ਕਿ 16 ਨੂੰ ਇਹ ਜੱਥਾ ਲਾਹੌਰ ਪੁੱਜਣਗੇ ਤੇ ਦੋ ਦਿਨ ਉਥੇ ਦੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਉਪਰੰਤ 19 ਅਪ੍ਰੈਲ ਨੂੰ ਵਾਪਿਸ ਭਾਰਤ ਪਰਤਣਗੇ। ਕਮੇਟੀ ਵੱਲੋਂ ਸਰਦਾਰ ਦਲਜੀਤ ਸਿੰਘ ਸਰਨਾ ਨੂੰ ਇੰਚਾਰਜ ਬਣਾ ਕੇ ਉਹਨਾਂ ਦੀ ਅਗਵਾਈ ਹੇਠ ਜਥਾ ਭੇਜਿਆ ਗਿਆ ਹੈ। ਸਰਦਾਰ ਪਰਮਜੀਤ ਸਿੰਘ ਚਢੋਕ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਕਿ ਜਿੰਨੇ ਵੀਜ਼ੇ ਅਪਲਾਈ ਕੀਤੇ ਸਨ, ਸਾਰੇ ਪ੍ਰਵਾਨ ਹੋਏ ਹਨ। ਉਹਨਾਂ ਕਿਹਾ ਕਿ ਇਹ ਸਾਰੇ ਦਿੱਲੀ ਦੇ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਤੇ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਦੇ ਮੰਤਰਾਲੇ ਨਾਲ ਸੰਪਰਕ ਕਰਨ ਕਾਰਨ ਸੰਭਵ ਹੋਇਆ ਹੈ ਜਿਸ ਕਰ ਕੇ ਵੀਜ਼ੇ ਪ੍ਰਵਾਨ ਹੋਏ ਹਨ ਤੇ ਕੋਈ ਵੀਜ਼ਾ ਨਹੀਂ ਕੱਟਿਆ। ਉਹਨਾਂ ਨੇ ਇਸ ਵਾਸਤੇ ਭਾਰਤ ਤੇ ਪਾਕਿਸਤਾਨ ਦੋਵਾਂ ਸਰਕਾਰਾਂ ਦਾ ਧੰਨਵਾਦ ਕੀਤਾ।

## ਜਥੇਦਾਰ ਗੜਗੱਜ ਵਾਂਗ ਹੁਣ ਟੇਕ ਸਿੰਘ ਧਨੌਲਾ ਦੀ ਅਚਾਨਕ ਕੀਤੀ ਤਾਜਪੋਸ਼ੀ



**ਬਠਿੰਡਾ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵਾਂਗ ਹੁਣ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਨਵੇਂ ਥਾਪੇ ਗਏ ਜਥੇਦਾਰ ਟੇਕ ਸਿੰਘ ਧਨੌਲਾ ਦੀ ਬਿਨਾਂ ਕਿਸੇ ਪਹਿਲਾਂ ਤੋਂ ਨਿਰਧਾਰਿਤ ਪ੍ਰੋਗਰਾਮ ਦੇ ਅਚਾਨਕ ਤਾਜਪੋਸ਼ੀ ਕਰ ਦਿੱਤੀ ਗਈ ਜਿਸ ਦੀਆਂ ਹੁਣ ਤਸਵੀਰਾਂ ਵੀ ਸਾਹਮਣੇ ਆਈਆਂ ਹਨ, ਇਸ ਤੋਂ ਬਾਅਦ ਮੁੜ ਤੋਂ ਪੰਥਕ ਗਲਿਆਰਿਆਂ ਵਿੱਚ ਚਰਚਾ ਛਿੜ ਗਈ ਹੈ। ਸੇਵਾ ਸੰਭਾਲ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਉੱਤੇ ਸਾਂਝੀਆਂ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲਿਖਿਆ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਬੀਤੇ ਦਿਨੀਂ ਨਿਯੁਕਤ ਕੀਤੇ ਗਏ ਜਥੇਦਾਰ ਬਾਬਾ ਟੇਕ ਸਿੰਘ ਜੀ ਨੇ ਅੱਜ ਆਪਣੀ ਸੇਵਾ ਸੰਭਾਲ ਲਈ ਹੈ। ਇਸ ਮੌਕੇ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਅਤੇ ਤਖ਼ਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਤੇ ਬਾਬਾ ਗੁਰਮੀਤ ਸਿੰਘ ਤਿਰਲੋਕੇਵਾਲਾ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਮੌਜੂਦ ਸਨ। ਜ਼ਿਕਰ ਕਰ ਦਈਏ ਕਿ ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਥਾਂ ਹੁਣ ਟੇਕ ਸਿੰਘ ਧਨੌਲਾ ਨੂੰ ਅਹੁਦਾ ਦਿੱਤਾ ਗਿਆ ਹੈ। ਜਦੋਂ ਤੋਂ ਇਸ ਦਾ ਐਲਾਨ ਹੋਇਆ ਹੈ ਉਦੋਂ ਤੋਂ ਹੀ ਇਸ ਫੈਸਲੇ ਦਾ ਵਿਰੋਧ ਹੋ ਰਿਹਾ ਹੈ।

**ਜੋਤੀ ਜੋਤਿ ਦਿਵਸ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ**

# ਜਿਸੁ ਡਿਠੇ ਸਭਿ ਦੁਖਿ ਜਾਇ



ਸਿਰਲੇਖ ਵਿੱਚ ਲਿਖੀ ਪੰਕਤੀ ਅਸਲ ਵਿੱਚ ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ (1666-1708) ਦੁਆਰਾ ਰਚੀ 'ਚੰਡੀ ਦੀ ਵਾਰ' ਦੀ ਪਹਿਲੀ ਪਉੜੀ ਹੈ, ਜੋ ਮੂਲ ਰੂਪ ਵਿੱਚ ਇਸ ਪ੍ਰਕਾਰ ਹੈ:

**ਪ੍ਰਿਥਮ ਭਗੌਤੀ ਸਿਮਰ ਕੈ ਗੁਰੁ ਨਾਨਕ ਲਈਂ ਧਿਆਇ॥**
**ਫਿਰਿ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ ਸਹਾਇ॥**
**ਅਰਜਨ ਹਰਿਗੋਬਿੰਦ ਨੋ ਸਿਮਰੌ ਸ੍ਰੀ ਹਰਿਰਾਇ॥**
**ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੇ ਸਭਿ ਦੁਖਿ ਜਾਇ॥**
**ਤੇਗ ਬਹਾਦਰ ਸਿਮਰਿਐ ਘਰ ਨਉਨਿਧਿ ਆਵੈ ਧਾਇ॥**
**ਸਭ ਥਾਂਈ ਹੋਇ ਸਹਾਇ॥**

ਇਨ੍ਹਾਂ ਛੇ ਪੰਕਤੀਆਂ ਵਿੱਚ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਤੋਂ ਪਹਿਲਾਂ ਹੋ ਚੁੱਕੇ ਨੌਂ ਗੁਰੂ ਸਾਹਿਬਾਨ ਪ੍ਰਤੀ ਅਕੀਦਤ ਦੇ ਭਾਵ ਪ੍ਰਗਟ ਕੀਤੇ ਹਨ। ਅਸਲ ਵਿੱਚ ਇਹ 'ਚੰਡੀ ਦੀ ਵਾਰ' ਦਾ ਮੰਗਲਾਚਰਨ ਹੈ, ਜੋ ਸਿੱਖ ਧਰਮ ਦੀ ਰੋਜ਼ਾਨਾ ਦੀ ਅਰਦਾਸ ਵਿਚ ਵੀ ਸ਼ਾਮਲ ਹੈ ਤੇ ਸਭ ਤੋਂ ਪਹਿਲਾਂ ਬੋਲਿਆ ਜਾਂਦਾ ਹੈ। ਜੇ ਅਸੀਂ ਇਨ੍ਹਾਂ ਪੰਕਤੀਆਂ ਨੂੰ ਧਿਆਨ ਨਾਲ ਵੇਖੀਏ ਤਾਂ ਪਤਾ ਲੱਗੇਗਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਦੋ ਗੁਰੂ ਸਾਹਿਬਾਨ ਦੀ ਮਹਾਨਤਾ ਨੂੰ ਪ੍ਰਮੁੱਖਤਾ ਨਾਲ ਅੰਕਿਆ ਹੈ। ਇਹ ਹਨ- ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਅਤੇ ਗੁਰੂ ਤੇਗ ਬਹਾਦਰ ਜੀ। ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਆਪਣੀ ਅਲਪ ਅਵਸਥਾ (ਘੱਟ ਉਮਰ) ਵਿੱਚ ਹੀ ਮਹਾਨ ਕਾਰਜ ਕੀਤੇ, ਜਦ ਕਿ ਗੁਰੂ ਤੇਗ ਬਹਾਦਰ ਜੀ ਨੇ ਤਿਲਕ ਤੇ ਜੰਞੂ ਦੀ ਰੱਖਿਆ ਲਈ (ਜਿਸ ਧਰਮ ਵਿਚ ਉਨ੍ਹਾਂ ਦੀ ਆਸਥਾ ਹੀ ਨਹੀਂ ਸੀ) ਆਪਣਾ ਬਲੀਦਾਨ ਦੇ ਦਿੱਤਾ।

ਵਿਸ਼ੇ ਵਾਲੀ ਪੰਕਤੀ, 'ਜਿਸੁ ਡਿਠੇ ਸਭਿ ਦੁਖਿ ਜਾਇ' ਤੋਂ ਪਹਿਲਾਂ ਵਾਲੀ ਅੱਧੀ ਲਾਈਨ ਹੈ 'ਸ੍ਰੀ ਹਰਿਕ੍ਰਿਸ਼ਨ ਧਿਆਈਐ'। ਇਸ ਤਰ੍ਹਾਂ ਪੂਰੀ ਪੰਕਤੀ ਇਸ ਪ੍ਰਕਾਰ ਹੈ : ਸ੍ਰੀ ਹਰਿਕ੍ਰਿਸ਼ਨ ਧਿਆਇਐ ਜਿਸੁ ਡਿਠੇ ਸਭਿ ਦੁਖਿ ਜਾਇ॥ ਇਸ ਤਰ੍ਹਾਂ ਪੂਰੀ ਪੰਕਤੀ ਦਾ ਅਰਥ ਇਹ ਹੋਇਆ ਕਿ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੂੰ ਧਿਆਉਣ ਨਾਲ, ਸਿਮਰਨ ਨਾਲ, ਯਾਦ ਕਰਨ ਨਾਲ, ਅਰਾਧਨਾ ਕਰਨ ਨਾਲ, ਦਰਸ਼ਨ/ਦੀਦਾਰ ਕਰਨ ਨਾਲ ਹਰ ਤਰ੍ਹਾਂ ਦੇ ਦੁੱਖਾਂ, ਕਲੇਸ਼ਾਂ, ਸਮੱਸਿਆਵਾਂ, ਮੁਸੀਬਤਾਂ, ਔਕੜਾਂ ਦਾ ਨਾਸ਼ ਹੋ ਜਾਂਦਾ ਹੈ। ਇਸ ਪੂਰੀ ਪੰਕਤੀ ਵਿੱਚ 'ਧਿਆਈਐ' ਅਤੇ 'ਡਿਠੇ' ਦੋ ਸ਼ਬਦ ਖਾਸ ਮਹੱਤਵ ਰੱਖਦੇ ਹਨ। ਧਿਆਈਐ ਦਾ ਅਰਥ ਹੈ- ਯਾਦ ਕਰਨਾ ਜਾਂ ਸਿਮਰਨ ਕਰਨਾ; ਅਤੇ ਡਿਠੇ ਦਾ ਅਰਥ ਹੈ- ਦੀਦਾਰ ਕਰਨਾ, ਦਰਸ਼ਨ ਕਰਨਾ। ਸਾਡੇ ਮਨ ਵਿੱਚ ਕਦੇ-ਕਦੇ ਭੁਲੇਖਾ ਪੈਦਾ ਹੁੰਦਾ ਹੈ ਕਿ ਸਿਮਰਨ ਕਰਨਾ ਚੰਗਾ ਹੈ ਜਾਂ ਦਰਸ਼ਨ ਕਰਨਾ ਉੱਤਮ ਹੈ। ਮੇਰੀ ਮਾਨਤਾ ਹੈ ਕਿ ਇਹ ਦੋਵੇਂ ਗੱਲਾਂ ਹੀ ਸ਼੍ਰੋਮਣੀ ਹਨ। ਮੌਜੂਦਾ ਸਮੇਂ ਵਿੱਚ ਭਾਵੇਂ ਗੁਰੂ ਸਾਹਿਬਾਨ ਸਰੀਰਕ ਤੌਰ ਤੇ ਸਾਡੇ ਦਰਮਿਆਨ ਮੌਜੂਦ ਨਹੀਂ ਹਨ। ਇਸ ਲਈ ਉਨ੍ਹਾਂ ਦੇ ਦਰਸ਼ਨ ਕਿਵੇਂ ਕਰੀਏ ? ਇਹਦਾ ਜਵਾਬ ਇਹ ਹੈ ਕਿ ਸਾਡੇ ਕੋਲ ਗੁਰੂ ਸਾਹਿਬਾਨ ਦੀ ਪਵਿੱਤਰ/ ਪਾਵਨ ਬਾਣੀ ਗੁਰੂ ਗ੍ਰੰਥ ਸਾਹਿਬ ਦੇ ਰੂਪ ਵਿਚ ਮੌਜੂਦ ਹੈ। ਇਸ ਲਈ ਗੁਰੂ ਗ੍ਰੰਥ ਸਾਹਿਬ ਦੇ ਦਰਸ਼ਨ ਹੀ ਸਾਡੇ ਲਈ ਗੁਰੂ ਦੇ ਦਰਸ਼ਨ ਵਾਂਗ ਹਨ।

ਆਓ ਹੁਣ ਆਪਾਂ ਦਰਸ਼ਨ/ਦੀਦਾਰ ਸ਼ਬਦ ਦੀ ਵਿਆਖਿਆ ਕਰਦੇ ਹਾਂ। ਅਸੀਂ ਰੋਜ਼ਾਨਾ ਜੀਵਨ ਵਿੱਚ ਇਸ ਸ਼ਬਦ ਦੀ ਕਈ ਵਾਰੀ ਵਰਤੋਂ ਕਰਦੇ ਹਾਂ। ਜਿਵੇਂ ਕਿ 'ਮੈਂ ਤੁਹਾਡੇ ਦਰਸ਼ਨ ਕਰਕੇ ਧੰਨ ਹੋ ਗਿਆ' ਜਾਂ 'ਸਮਾਂ ਮਿਲਿਆ ਤਾਂ ਤੁਹਾਡੇ ਦਰਸ਼ਨ ਕਰਾਂਗਾ' ਆਦਿ...। ਪਰ ਅਸਲ ਵਿਚ 'ਦਰਸ਼ਨ' ਕਿਸੇ ਉਚੇਰੀ, ਅਧਿਆਤਮਕ, ਡੂੰਘੀ, ਰਮਜ਼ ਭਰੀ, ਬ੍ਰਹਮਗਿਆਨੀ ਆਤਮਾ ਨਾਲ ਹੀ ਜੋੜਿਆ ਜਾਣ ਵਾਲਾ ਸ਼ਬਦ ਹੈ, ਇਹਨੂੰ ਦੁਨਿਆਵੀ/ ਪਦਾਰਥਕ ਚੀਜ਼ਾਂ/ ਲੋਕਾਂ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ। ਸਿੱਖ ਧਰਮ ਦੀ ਰੋਜ਼ਾਨਾ ਅਰਦਾਸ ਵਿੱਚ 'ਦਰਸ਼ਨ' ਸ਼ਬਦ ਦੀ ਤਿੰਨ ਵਾਰ ਵਰਤੋਂ ਮਿਲਦੀ ਹੈ- ਪਹਿਲੀ ਵਾਰ 'ਗੁਰੂ ਗ੍ਰੰਥ ਸਾਹਿਬ ਜੀ ਦੇ ਦਰਸ਼ਨ ਦੀਦਾਰ ਦਾ ਧਿਆਨ ਧਰ ਕੇ ਬੋਲੋ ਜੀ- ਵਾਹਿਗੁਰੂ'; ਦੂਜੀ ਵਾਰ 'ਸ੍ਰੀ ਅੰਮ੍ਰਿਤਸਰ ਸਾਹਿਬ ਜੀ ਦੇ ਦਰਸ਼ਨ ਇਸ਼ਨਾਨ'; ਤੇ ਤੀਜੀ ਵਾਰ 'ਸ੍ਰੀ ਨਨਕਾਣਾ ਸਾਹਿਬ ਤੇ ਹੋਰ ਗੁਰਦੁਆਰਿਆਂ, ਗੁਰਧਾਮਾਂ ਦੇ, ਜਿਨ੍ਹਾਂ ਤੋਂ ਖ਼ਾਲਸਾ ਪੰਥ ਨੂੰ ਵਿਛੋੜਿਆ ਗਿਆ ਹੈ, ਦੇ ਖੁੱਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖ਼ਾਲਸਾ ਜੀ ਨੂੰ ਬਖ਼ਸ਼ੋ'। ਇਉਂ 'ਦਰਸ਼ਨ' ਸ਼ਬਦ ਇਲਾਹੀ ਨਦਰ ਦਾ ਪੈਂਡਾ ਹੈ।

ਗੁਰੂ ਗ੍ਰੰਥ ਸਾਹਿਬ ਵਿੱਚ ਦਰਸ਼ਨ ਅਤੇ ਡਿਠੇ ਸ਼ਬਦ ਕਈ ਥਾਵਾਂ ਤੇ ਵਰਤਿਆ ਮਿਲਦਾ ਹੈ। ਹੁਕਮਨਾਮਾ ਲੈਣ ਤੋਂ ਪਹਿਲਾਂ ਆਮ ਤੌਰ ਤੇ ਰੋਜ਼ਾਨਾ ਵਰਤੇ ਜਾਂਦੇ ਗੁਰ-ਵਾਕਾਂ ਵਿਚੋਂ ਕੁਝ ਵਾਕ ਇਸ ਪ੍ਰਕਾਰ ਹਨ:

**ਸੁ ਕਹੁ ਟਲ ਗੁਰੁ ਸੇਵੀਐ ਅਹਿਨਿਸਿ ਸਹਜਿ ਸੁਭਾਇ॥**
**ਦਰਸਨਿ ਪਰਸਿਐ ਗੁਰੂ ਕੈ ਜਨਮ ਮਰਣ ਦੁਖੁ ਜਾਇ॥** (ਪੰਨਾ 1392)
**ਹੋਵੈ ਸਿਫਤਿ ਖਸੰਮ ਦੀ ਨੂਰੁ ਅਰਸਹੁ ਕੁਰਸਹੁ ਝਟੀਐ॥**
**ਤੁਧੁ ਡਿਠੇ ਸਚੇ ਪਾਤਿਸਾਹ ਮਲੁ ਜਨਮ ਜਨਮ ਦੀ ਕਟੀਐ॥** (ਪੰਨਾ 967)
**ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ॥**
**ਤਨੁ ਮਨੁ ਹੋਇ ਨਿਹਾਲੁ ਜਾ ਗੁਰ ਦੇਖਾ ਸਾਮ੍ਹਣੇ॥** (ਪੰਨਾ 758)

ਗੁਰੂ ਹਰਿਕ੍ਰਿਸ਼ਨ ਸਾਹਿਬ ਗੁਰੂ ਨਾਨਕ ਜੋਤਿ ਦੇ ਅੱਠਵੇਂ ਵਾਰਿਸ ਸਨ। ਕਈ ਵਾਰੀ ਹੈਰਾਨੀ ਹੁੰਦੀ ਹੈ ਕਿ ਇੰਨੀ ਛੋਟੀ ਉਮਰ ਵਿੱਚ ਕੋਈ ਗੁਰੂ ਕਿਵੇਂ ਹੋ ਸਕਦਾ ਹੈ ? ਅਸਲ ਵਿੱਚ ਇਹ ਗੁਰੂ- ਘਰ ਦੀ ਵਡਿਆਈ ਹੈ ਕਿ ਉੱਥੇ ਦੁਨਿਆਵੀ ਰੀਤਾਂ ਨਹੀਂ ਚੱਲਦੀਆਂ, ਸਗੋਂ ਕਿਸੇ ਕਾਬਲ/ਸੁਯੋਗ ਵਿਅਕਤੀ ਨੂੰ ਹੀ ਇਹ ਗੁਰਗੱਦੀ ਪ੍ਰਾਪਤ ਹੁੰਦੀ ਰਹੀ ਹੈ। ਕਦੇ ਗੁਰਿਆਈ ਦਾਦੇ ਤੋਂ ਪੋਤੇ ਨੂੰ ਮਿਲੀ (ਗੁਰੂ ਹਰਿਗੋਬਿੰਦ ਜੀ ਨੇ ਆਪਣੇ ਪੋਤਰੇ ਗੁਰੂ ਹਰਿ ਰਾਇ ਜੀ ਨੂੰ ਦਿੱਤੀ) ਅਤੇ ਕਦੇ ਪੋਤੇ ਤੋਂ ਦਾਦੇ ਕੋਲ ਪਹੁੰਚੀ (ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਗੁਰੂ ਤੇਗ ਬਹਾਦਰ ਜੀ ਨੂੰ ਸੌਂਪੀ)।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਸ੍ਰੀ ਗੁਰੂ ਹਰਿ ਰਾਇ ਜੀ ਦੇ ਗ੍ਰਿਹਿ ਵਿਖੇ ਮਾਤਾ ਕ੍ਰਿਸ਼ਨ ਕੌਰ ਦੀ ਕੁੱਖੋਂ 1656 ਈ. ਨੂੰ ਕੀਰਤਪੁਰ ਵਿਖੇ ਹੋਇਆ। ਗੁਰੂ ਹਰਿ ਰਾਇ ਜੀ ਦਾ ਇੱਕ ਵੱਡਾ ਸਪੁੱਤਰ ਵੀ ਸੀ- ਰਾਮ ਰਾਏ, ਜੋ ਗੁਰੂ ਹਰਿਕ੍ਰਿਸ਼ਨ ਜੀ ਤੋਂ ਕਰੀਬ ਦਸ ਸਾਲ ਵੱਡਾ ਸੀ। ਪਰ ਗੁਰੂ ਹਰਿ ਰਾਇ ਜੀ ਨੇ ਰਾਮਰਾਇ ਦੀਆਂ ਆਪ ਹੁਦਰੀਆਂ ਅਤੇ ਕਰਾਮਾਤਾਂ ਆਦਿ ਨੂੰ ਵੇਖ ਕੇ, ਜੋ ਉਹਨੇ ਔਰੰਗਜ਼ੇਬ ਕੋਲ ਵਿਖਾਈਆਂ ਸਨ, ਉਸ ਨੂੰ ਗੁਰਗੱਦੀ ਦੇ ਯੋਗ ਨਹੀਂ ਸਮਝਿਆ। ਅਸਲ ਵਿਚ ਰਾਮਰਾਇ ਨੇ ਔਰੰਗਜ਼ੇਬ ਕੋਲ ਜਾ ਕੇ ਗੁਰਬਾਣੀ ਦੀ ਇੱਕ ਪੰਕਤੀ 'ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਹਿਆਰ॥ ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ॥' (ਆਸਾ ਦੀ ਵਾਰ, ਪੰਨਾ 466) ਨੂੰ ਬਦਲ ਦਿੱਤਾ ਸੀ ਤੇ ਇਸ ਵਿਚਲੇ ਸ਼ਬਦ 'ਮੁਸਲਮਾਨ' ਨੂੰ 'ਬੇਈਮਾਨ' ਦੱਸਿਆ ਸੀ। ਰਾਮ ਰਾਏ ਨੇ ਗੁਰਗੱਦੀ ਪ੍ਰਾਪਤ ਕਰਨ ਲਈ ਬਹੁਤ ਹੱਥ-ਪੈਰ ਮਾਰੇ, ਸਰਕਾਰੇ-ਦਰਬਾਰੇ ਪਹੁੰਚ ਕੀਤੀ, ਧੀਰਮੱਲ ਨੂੰ ਵੀ ਚਿੱਠੀ ਲਿਖੀ, ਪਰ ਗੁਰੂ ਹਰਿ ਰਾਇ ਜੀ ਨੇ ਉਹਨੂੰ ਆਪਣੇ ਮੂੰਹ ਨਹੀਂ ਲਾਇਆ ਅਤੇ ਰਾਮ-ਰਾਈਆਂ ਨੂੰ ਪੰਥ ਵਿੱਚੋਂ ਛੇਕ ਦਿੱਤਾ। ਆਪਣੇ ਅੰਤਿਮ ਸਮੇਂ ਤੋਂ ਪਹਿਲਾਂ ਉਨ੍ਹਾਂ ਨੇ ਆਪਣੇ ਛੋਟੇ ਸਪੁੱਤਰ ਸ੍ਰੀ ਹਰਿਕ੍ਰਿਸ਼ਨ ਸਾਹਿਬ ਨੂੰ ਗੁਰਗੱਦੀ ਦਾ ਵਾਰਿਸ ਬਣਾਇਆ। ਇਉਂ ਪਿਤਾ ਦੀ ਆਗਿਆ ਮੁਤਾਬਕ 1661 ਈ. ਨੂੰ, ਜਦੋਂ ਸ੍ਰੀ ਹਰਿਕ੍ਰਿਸ਼ਨ ਜੀ ਦੀ ਉਮਰ ਸਿਰਫ਼ ਸਵਾ ਪੰਜ ਸਾਲ ਦੀ ਸੀ, ਆਪ ਨੂੰ ਗੁਰਗੱਦੀ ਦਾ ਤਿਲਕ ਲਾਇਆ ਗਿਆ। ਉਮਰ ਭਾਵੇਂ ਛੋਟੀ ਸੀ ਪਰ ਜੋਤਿ ਤਾਂ ਗੁਰੂ ਨਾਨਕ ਦੇਵ ਜੀ ਦੀ ਹੀ ਚਲੀ ਆ ਰਹੀ ਸੀ।

ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਗੁਰਗੱਦੀ ਦਾ ਕਾਰਜ ਬੜੀ ਕੁਸ਼ਲਤਾ ਨਾਲ ਸੰਭਾਲਿਆ। ਸਿੱਖੀ ਦੇ ਪ੍ਰਚਾਰ ਲਈ ਹਰ ਪਾਸੇ ਪ੍ਰਚਾਰਕ ਭੇਜੇ। ਛੋਟੇ ਭਰਾ ਨੂੰ ਗੁਰਿਆਈ ਮਿਲਣ ਤੇ ਰਾਮਰਾਇ ਬੜਾ ਔਖਾ ਹੋਇਆ। ਉਹਨੇ ਧੀਰਮਲ (ਬਾਬਾ ਗੁਰਦਿੱਤਾ ਜੀ ਦਾ ਵੱਡਾ ਲੜਕਾ। ਬਾਬਾ ਗੁਰਦਿੱਤਾ ਗੁਰੂ ਹਰਿਗੋਬਿੰਦ ਸਾਹਿਬ ਦਾ ਵੱਡਾ ਸਪੁੱਤਰ ਸੀ। ਬਾਬਾ ਗੁਰਦਿੱਤਾ ਦੇ ਦੋ ਲੜਕੇ ਸਨ- ਧੀਰਮੱਲ ਤੇ ਸ੍ਰੀ ਹਰਿ ਰਾਇ ਜੀ, ਜੋ ਪਿੱਛੋਂ ਸੱਤਵੇਂ ਗੁਰੂ ਬਣੇ) ਨਾਲ ਸਲਾਹ ਕਰਕੇ ਕੁਝ ਮਸੰਦਾਂ ਨੂੰ ਆਪਣੇ ਨਾਲ ਗੰਢਿਆ ਅਤੇ ਗੁਰੂ ਬਣਨ ਦਾ ਦਾਅਵਾ ਕੀਤਾ। ਪਰ ਸਿੱਖ ਉਹਦੇ ਪਿੱਛੇ ਨਾ ਲੱਗੇ। ਫਿਰ ਉਸ ਨੇ ਔਰੰਗਜ਼ੇਬ ਕੋਲ ਸ਼ਿਕਾਇਤ ਕੀਤੀ। ਪਹਿਲਾਂ ਤਾਂ ਬਾਦਸ਼ਾਹ ਦਖ਼ਲ ਨਹੀਂ ਦੇਣਾ ਚਾਹੁੰਦਾ ਸੀ, ਫਿਰ ਉਸ ਨੇ ਸੋਚਿਆ ਕਿ ਗੁਰੂ ਬਣ ਕੇ ਰਾਮ ਰਾਏ ਸਰਕਾਰੀ ਨੀਤੀ ਮੁਤਾਬਕ ਚੱਲੇਗਾ ਤੇ ਹਕੂਮਤ ਇਸ ਪਾਸੋਂ ਬੇਫ਼ਿਕਰ ਹੋ ਜਾਵੇਗੀ। ਔਰੰਗਜ਼ੇਬ ਨੇ ਮਿਰਜ਼ਾ ਰਾਜਾ ਜੈ ਸਿੰਘ ਨੂੰ ਕਿਹਾ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਨੂੰ ਆਦਰ ਸਹਿਤ ਦਿੱਲੀ ਲਿਆਉਣ ਦਾ ਪ੍ਰਬੰਧ ਕੀਤਾ ਜਾਵੇ। ਰਾਜਾ ਜੈ ਸਿੰਘ ਗੁਰੂ ਘਰ ਦਾ ਸ਼ਰਧਾਲੂ ਸੀ ਤੇ ਉਹਨੇ ਔਰੰਗਜ਼ੇਬ ਦੇ ਹੁਕਮ ਮੁਤਾਬਕ ਸ਼ਾਹੀ ਕਾਸਦ ਨੂੰ ਚਿੱਠੀ ਲਿਖ ਕੇ ਕੀਰਤਪੁਰ ਸਾਹਿਬ ਭੇਜਿਆ ਤਾਂ ਗੁਰੂ ਜੀ ਨੇ ਗੁਰੂ-ਪਿਤਾ ਦੇ ਅੰਤਮ ਆਦੇਸ਼ "ਨਹਿ ਮਲੇਛ ਕੋ ਦਰਸ਼ਨ ਦੇ ਹੈਂ" ਨੂੰ ਸਮਰਪਿਤ ਹੋ ਕੇ ਔਰੰਗਜ਼ੇਬ ਨੂੰ ਦਿੱਲੀ ਜਾ ਕੇ ਮਿਲਣ ਤੋਂ ਸਾਫ ਇਨਕਾਰ ਕਰ ਦਿੱਤਾ।

ਪਰ ਜਦੋਂ ਰਾਜਾ ਜੈ ਸਿੰਘ ਨੇ ਦਿੱਲੀ ਦੀ ਸੰਗਤ ਦੀ ਇੱਛਾ ਮੁਤਾਬਕ ਚਰਨ ਪਾਉਣ ਦੀ ਬੇਨਤੀ ਕੀਤੀ ਤਾਂ ਆਪ ਨੇ ਸੰਗਤ ਦੀ ਅਰਜ਼ੋਈ ਨੂੰ ਪ੍ਰਵਾਨ ਕਰਦਿਆਂ ਦਿੱਲੀ ਵੱਲ ਚਾਲੇ ਪਾ ਦਿੱਤੇ। ਆਪ ਦੇ ਨਾਲ ਮਾਤਾ ਕ੍ਰਿਸ਼ਨ ਕੌਰ ਅਤੇ ਹੋਰ ਮੁਖੀ ਸਿੱਖ ਵੀ ਜਾਣ ਨੂੰ ਤਿਆਰ ਹੋ ਗਏ। ਗੁਰੂ ਜੀ ਨੇ ਦਿੱਲੀ ਵੱਲ ਜਾਂਦਿਆਂ ਰਸਤੇ ਵਿੱਚ ਪੰਜੋਖਰਾ ਦੇ ਸਥਾਨ ਤੇ ਕੁਝ ਸਮਾਂ ਵਿਸ਼ਰਾਮ ਕੀਤਾ। ਇੱਥੇ ਹੀ ਇੱਕ ਪੰਡਿਤ ਜਿਸ ਦਾ ਨਾਮ ਲਾਲਚੰਦ ਸੀ, ਗੁਰੂ ਜੀ ਕੋਲ ਆ ਕੇ ਕਹਿਣ ਲੱਗਿਆ- ਤੁਸੀਂ ਆਪਣਾ ਨਾਂ ਤਾਂ ਹਰਿਕ੍ਰਿਸ਼ਨ ਰਖਵਾਇਆ ਹੈ, ਪਰ ਗੀਤਾ ਦਾ ਤੁਹਾਨੂੰ ਕੋਈ ਗਿਆਨ ਹੀ ਨਹੀਂ ਹੈ। ਸ੍ਰੀ ਕ੍ਰਿਸ਼ਨ ਨੇ ਤਾਂ ਗੀਤਾ ਦੀ ਰਚਨਾ ਕੀਤੀ ਸੀ, ਤੁਸੀਂ ਗੀਤਾ ਦੇ ਅਰਥ ਹੀ ਕਰਕੇ ਵਿਖਾ ਦਿਓ।... ਜਾਣੀਜਾਣ ਸਤਿਗੁਰੂ ਨੇ ਉਸ ਦੀ ਹੰਕਾਰੀ ਬਿਰਤੀ ਨੂੰ ਪਛਾਣ ਲਿਆ ਪਰ ਉਸ ਨੂੰ ਪਿਆਰ ਨਾਲ ਕਿਹਾ- ਤੁਸੀਂ ਕਿਸੇ ਵੀ ਆਦਮੀ ਨੂੰ ਲੈ ਆਓ, ਉਹੀ ਗੀਤਾ ਦੇ ਅਰਥ ਕਰਕੇ ਦੱਸ ਦੇਵੇਗਾ। ਪੰਡਿਤ ਲਾਲਚੰਦ ਪਿੰਡ 'ਚੋਂ ਛੱਜੂ ਝੀਉਰ ਨੂੰ ਲੈ ਆਇਆ, ਜੋ ਗੂੰਗਾ ਅਤੇ ਬੋਲਾ ਸੀ। ਗੁਰੂ ਜੀ ਨੇ ਛੱਜੂ ਦੇ ਸਿਰ ਤੇ ਆਪਣੀ ਛੜੀ ਦਾ ਇੱਕ ਸਿਰਾ ਰੱਖਿਆ ਅਤੇ ਪੰਡਿਤ ਨੂੰ ਕੁਝ ਵੀ ਪੁੱਛਣ ਲਈ ਕਿਹਾ। ਪੰਡਿਤ ਨੇ ਜੋ-ਜੋ ਵੀ ਸ਼ਲੋਕ ਦੇ ਅਰਥ ਪੁੱਛੇ, ਛੱਜੂ ਨੇ ਉਨ੍ਹਾਂ ਦਾ ਸਟੀਕ ਜਵਾਬ ਦਿੱਤਾ। ਪੰਡਿਤ ਦੀ ਤਸੱਲੀ ਹੋ ਗਈ ਤੇ ਉਹ ਗੁਰੂ ਜੀ ਦੇ ਕਦਮਾਂ ਤੇ ਢਹਿ ਕੇ ਉਨ੍ਹਾਂ ਦਾ ਸ਼ਰਧਾਲੂ ਬਣ ਗਿਆ। ਇਸ ਗਾਥਾ ਤੋਂ ਪਤਾ ਲੱਗਦਾ ਹੈ ਕਿ ਗੁਰੂ ਜੀ ਨੇ ਸ਼ੂਦਰਾਂ ਨੂੰ ਧਾਰਮਕ ਗ੍ਰੰਥ ਪੜ੍ਹਾਉਣ ਦੇ ਰਾਹ ਤੋਰਿਆ, ਜਿਨ੍ਹਾਂ ਨੂੰ ਬ੍ਰਾਹਮਣਾਂ ਨੇ ਇਹਦੀ ਸਿੱਖਿਆ ਲੈਣ ਤੋਂ ਵਰਜਿਆ ਹੋਇਆ ਸੀ। ਅਸਲ ਵਿਚ ਗੁਰੂ ਜੀ ਨੇ ਪੰਡਿਤ ਦੀ ਹਉਮੈ ਦੂਰ ਕਰਨ ਲਈ ਹੀ ਇਹ ਜੁਗਤ ਵਰਤੀ ਸੀ। ਇਤਿਹਾਸ ਵਿੱਚ ਜ਼ਿਕਰ ਆਉਂਦਾ ਹੈ ਕਿ ਜਦੋਂ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਸਿਰਜਣਾ (1699 ਈ.) ਕੀਤੀ ਸੀ ਤਾਂ ਇਸ ਲਾਲਚੰਦ ਨਾਂ ਦੇ ਪੰਡਿਤ ਨੇ ਵੀ ਅੰਮ੍ਰਿਤ ਛਕਿਆ ਸੀ ਤੇ ਲਾਲ ਸਿੰਘ ਬਣ ਗਿਆ ਸੀ। ਪਿੱਛੋਂ ਉਹਨੇ ਕਈ ਜੰਗਾਂ ਵਿੱਚ ਵੀ ਜੌਹਰ ਵਿਖਾਏ ਸਨ। ਛੱਜੂ ਝਿਉਰ ਤੇ ਵੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਦ੍ਰਿਸ਼ਟੀ ਦੀ ਅਜਿਹੀ ਹੀ ਕਿਰਪਾ ਹੋਈ ਸੀ। ਅਜਿਹੇ ਮੂੜ, ਮੁਗਧ ਪ੍ਰਾਣੀਆਂ ਦੇ ਚਤੁਰ ਤੇ ਸੁਜਾਨ ਬਣਨ ਬਾਰੇ ਬਹੁਤ ਸਾਰੇ ਗੁਰ-ਵਾਕ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹਨ:

**ਪਿੰਗੁਲ ਪਰਬਤ ਪਾਰਿ ਪਰੇ ਖਲ ਚਤੁਰ ਬਕੀਤਾ॥**
**ਅੰਧੁਲੇ ਤ੍ਰਿਭਵਣ ਸੂਝਿਆ ਗੁਰ ਭੇਟਿ ਪੁਨੀਤਾ॥**
**ਮਹਿਮਾ ਸਾਧੂ ਸੰਗ ਕੀ ਸੁਨਹੁ ਮੇਰੇ ਮੀਤਾ॥**
**ਮੈਲੁ ਖੋਈ ਕੋਟਿ ਅਘ ਹਰੇ ਨਿਰਮਲ ਭਏ ਚੀਤਾ॥** (ਪੰਨਾ 809)
**ਸੁਨਿ ਅੰਧਾ ਕੈਸੇ ਮਾਰਗਿ ਪਾਵੈ॥**
**ਕਰੁ ਗਹਿ ਲੇਹੁ ਓੜਿ ਨਿਬਹਾਵੈ॥**
**ਕਹਾ ਬੁਝਾਰਤਿ ਬੂਝੈ ਡੋਰਾ॥**
**ਨਿਸਿ ਕਹੀਐ ਤਉ ਸਮਝੈ ਭੋਰਾ॥**
**ਕਹਾ ਬਿਸਨਪਦ ਗਾਵੈ ਗੁੰਗ॥**
**ਜਤਨ ਕਰੈ ਤਉ ਭੀ ਸੁਰ ਭੰਗ॥**
**ਕਹ ਪਿੰਗੁਲ ਪਰਬਤ ਪਰ ਭਵਨ॥**
**ਨਹੀ ਹੋਤ ਊਹਾ ਉਸੁ ਗਵਨ॥**
**ਕਰਤਾਰ ਕਰੁਣਾਮੈ ਦੀਨੁ ਬੇਨਤੀ ਕਰੈ॥**
**ਨਾਨਕ ਤੁਮਰੀ ਕਿਰਪਾ ਤਰੈ॥**

**(ਗਉੜੀ ਸੁਖਮਨੀ ਮ: 5, ਚੌਥੀ ਅਸਟਪਦੀ, ਛੇਵੀਂ ਪਉੜੀ, ਪੰਨਾ 267)**

ਦਿੱਲੀ ਪੁੱਜ ਕੇ ਗੁਰੂ ਜੀ, ਜਿੱਥੇ ਅੱਜਕੱਲ੍ਹ ਗੁਰਦੁਆਰਾ ਬੰਗਲਾ ਸਾਹਿਬ ਹੈ, ਉਸ ਸਥਾਨ ਤੇ ਠਹਿਰੇ। ਅਸਲ ਵਿਚ ਇਹ ਥਾਂ ਰਾਜਾ ਜੈ ਸਿੰਘ ਦਾ ਬੰਗਲਾ ਸੀ। ਇੱਥੇ ਹਰ ਰੋਜ਼ ਦਿੱਲੀ ਦੀ ਸੰਗਤ ਗੁਰੂ ਜੀ ਦੇ ਦਰਸ਼ਨਾਂ ਲਈ ਆਉਂਦੀ ਅਤੇ ਸਤਿਸੰਗ ਵਿੱਚ ਹਾਜ਼ਰੀ ਭਰਦੀ। ਦਿੱਲੀ ਪੁੱਜ ਕੇ ਵੀ ਜਦੋਂ ਗੁਰੂ ਜੀ ਨੇ ਔਰੰਗਜ਼ੇਬ ਨੂੰ ਦਰਸ਼ਨ ਦੇਣ ਤੋਂ ਇਨਕਾਰ ਕਰ ਦਿੱਤਾ ਤਾਂ ਔਰੰਗਜ਼ੇਬ ਨੇ ਆਪਣੇ ਪੁੱਤਰ ਮੁਅੱਜ਼ਮ ਨੂੰ ਗੁਰੂ ਜੀ ਕੋਲ ਭੇਜਿਆ। ਗੁਰੂ ਜੀ ਨੇ ਉਸ ਨੂੰ ਆਤਮਕ ਉਪਦੇਸ਼ ਦੇ ਕੇ ਨਿਹਾਲ ਕੀਤਾ। ਜਦੋਂ ਮੁਅੱਜ਼ਮ ਨੇ ਰਾਮ ਰਾਏ ਨੂੰ ਗੱਦੀ ਨਾ ਦਿੱਤੇ ਜਾਣ ਦੀ ਗੱਲ ਕੀਤੀ ਤਾਂ ਗੁਰੂ ਜੀ ਨੇ ਸਪਸ਼ਟ ਕੀਤਾ ਕਿ ਗੁਰਗੱਦੀ ਕੋਈ ਵਿਰਾਸਤ ਜਾਂ ਜੱਦੀ ਮਲਕੀਅਤ ਨਹੀਂ ਹੈ। ਰਾਮ ਰਾਏ ਨੇ ਗੁਰਬਾਣੀ ਦੀ ਪੰਕਤੀ ਬਦਲ ਦਿੱਤੀ, ਤਾਂ ਗੁਰੂ-ਪਿਤਾ ਨੇ ਉਸ ਨੂੰ ਤਿਆਗ ਦਿੱਤਾ। ਸ਼ਿਹਜ਼ਾਦਾ ਮੁਅੱਜ਼ਮ ਤੋਂ ਗੁਰੂ ਜੀ ਦੇ ਆਤਮਕ ਤੇ ਰੂਹਾਨੀ ਗਿਆਨ ਬਾਰੇ ਸੁਣ ਕੇ ਔਰੰਗਜ਼ੇਬ ਵੀ ਗੁਰੂ ਜੀ ਦੀ ਦੂਰ-ਦ੍ਰਿਸ਼ਟੀ ਤੇ ਸਪਸ਼ਟਤਾ ਦਾ ਕਾਇਲ ਹੋ ਗਿਆ। ਉਹਨੇ ਰਾਜਾ ਜੈ ਸਿੰਘ ਨੂੰ ਗੁਰੂ ਜੀ ਦੀ ਪਰਖ ਕਰਨ ਲਈ ਕਿਹਾ। ਰਾਜਾ ਜੈ ਸਿੰਘ ਗੁਰੂ ਜੀ ਨੂੰ ਆਪਣੇ ਮਹਿਲ ਵਿਚ ਲਿਆਇਆ, ਜਿੱਥੇ ਸਾਰੀਆਂ ਰਾਣੀਆਂ ਨੇ ਗੋਲੀਆਂ ਵਰਗੇ ਬਸਤਰ ਪਹਿਨੇ ਹੋਏ ਸਨ। ਗੁਰੂ ਜੀ ਨੇ ਆਪਣੀ ਛੜੀ 'ਪਟਰਾਣੀ' ਦੇ ਸਿਰ ਤੇ ਰੱਖ ਕੇ ਉਸ ਦੀ ਪਛਾਣ ਕੀਤੀ। ਉਨ੍ਹੀਂ ਦਿਨੀਂ ਦਿੱਲੀ ਵਿੱਚ ਚੇਚਕ ਦੀ ਮਹਾਂਮਾਰੀ ਫੈਲ ਗਈ। ਗੁਰੂ ਜੀ ਨੇ ਦੀਨ-ਦੁਖੀਆਂ ਅਤੇ ਰੋਗੀਆਂ ਦੀ ਬਿਨਾਂ ਕਿਸੇ ਵਿਤਕਰੇ ਤੋਂ ਆਪਣੇ ਹੱਥੀਂ ਸੇਵਾ ਕੀਤੀ। ਗੁਰੂ ਜੀ ਨੇ ਸੰਗਤਾਂ ਦੇ ਦਸਵੰਧ ਤੇ ਭੇਟਾ ਨੂੰ ਸੇਵਾ ਹਿਤ ਲਾ ਦਿੱਤਾ। ਗੁਰੂ ਜੀ ਦੇ ਦਰਸ਼ਨ ਕਰਨ ਨਾਲ ਰੋਗੀਆਂ ਦੇ ਸਰੀਰਕ ਤੇ ਮਾਨਸਿਕ ਰੋਗ ਦੂਰ ਹੋਣ ਲੱਗੇ। ਇਸੇ ਲਈ ਤਾਂ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਦੇ ਪ੍ਰਥਾਇ ਇਹ ਆਖਿਆ ਹੈ- ਸ੍ਰੀ ਹਰਿਕ੍ਰਿਸ਼ਨ ਧਿਆਇਐ ਜਿਸ ਡਿਠੈ ਸਭਿ ਦੁਖਿ ਜਾਏ। ਇਵੇਂ ਹੀ ਰੋਗੀਆਂ ਦੀ ਸੇਵਾ ਕਰਦਿਆਂ ਉਹ ਆਪ ਵੀ ਇਸ ਬਿਮਾਰੀ ਦੀ ਲਪੇਟ ਵਿਚ ਆ ਗਏ। ਉਨ੍ਹਾਂ ਨੂੰ ਤੇਜ਼ ਬੁਖ਼ਾਰ ਹੋ ਗਿਆ ਅਤੇ ਸਰੀਰ ਉੱਤੇ ਚੇਚਕ ਦੇ ਲੱਛਣ ਵਿਖਾਈ ਦੇਣ ਲੱਗੇ। ਆਪਣਾ ਆਖ਼ਰੀ ਸਮਾਂ ਵੇਖ ਕੇ ਆਪ ਨੇ ਸੰਗਤਾਂ ਨੂੰ ਅਗਲੇ ਗੁਰੂ ਬਾਰੇ ਦੱਸਿਆ- "ਬਾਬਾ ਬਕਾਲੇ÷, ਜਿਸ ਦਾ ਭਾਵ ਸੀ ਕਿ ਅਗਲੇ ਗੁਰੂ ਪਿੰਡ ਬਕਾਲੇ ਵਿੱਚ ਹਨ, ਜੋ ਰਿਸ਼ਤੇ ਵਿੱਚ ਉਨ੍ਹਾਂ ਦੇ ਬਾਬਾ, ਭਾਵ ਦਾਦਾ ਜੀ ਲੱਗਦੇ ਹਨ। ਆਪ 1664 ਈ. ਵਿੱਚ ਦਿੱਲੀ ਵਿਖੇ ਹੀ ਜੋਤੀ ਜੋਤਿ ਸਮਾ ਗਏ। ਆਪ ਦਾ ਸਸਕਾਰ ਯਮਨਾ ਨਦੀ ਦੇ ਕਿਨਾਰੇ ਕੀਤਾ ਗਿਆ, ਜਿੱਥੇ ਅੱਜਕੱਲ੍ਹ ਗੁਰਦੁਆਰਾ ਬਾਲਾ ਸਾਹਿਬ ਸੁਸ਼ੋਭਿਤ ਹੈ। ਅੱਜ ਦੇ ਆਪੋ-ਧਾਪੀ ਦੇ ਯੁੱਗ ਵਿੱਚ ਮਨੁੱਖ ਦੀ ਸੋਚ ਬੜੀ ਸੰਕੀਰਣ ਹੋ ਗਈ ਹੈ। ਉਹ ਆਪਣੀ ਤਰੱਕੀ, ਖ਼ੁਸ਼ਹਾਲੀ, ਅਹੁਦੇ ਦੇ ਮਾਇਆ ਜਾਲ ਵਿਚ ਇੰਨੀ ਬੁਰੀ ਤਰ੍ਹਾਂ ਧਸ ਚੁੱਕਾ ਹੈ ਕਿ ਉਸ ਨੂੰ ਧਰਮ ਦੀ ਮੂਲ ਭਾਵਨਾ ਦੇ ਅਰਥ ਹੀ ਭੁੱਲ ਗਏ ਹਨ। ਇਨਸਾਨੀਅਤ ਦਾ ਜਜ਼ਬਾ ਨਸ਼ਟ ਹੋ ਗਿਆ ਹੈ।


ਨਿਮਾਣੇ ਨਿਤਾਣੇ ਦੀ ਮਦਦ ਕਰਨੀ ਉਸ ਨੂੰ ਭਾਉਂਦੀ ਨਹੀਂ। ਕਈ ਵਾਰੀ ਆਪਣੇ ਫ਼ਾਇਦੇ ਲਈ ਉਹ ਬਹੁਤ ਸਾਰੇ ਅਜਿਹੇ ਕਾਰੇ ਵੀ ਕਰ ਜਾਂਦਾ ਹੈ, ਜਿਸ ਨਾਲ ਹੋਰਨਾਂ ਲੋਕਾਂ ਨੂੰ ਭਾਰੀ ਕਸ਼ਟ ਸਹਾਰਨੇ ਪੈਂਦੇ ਹਨ। ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਅਤੇ ਕਾਰਜਾਂ ਤੋਂ ਸਾਨੂੰ ਸੇਧ ਲੈਣ ਦੀ ਲੋੜ ਹੈ, ਜਿਨ੍ਹਾਂ ਨੇ ਬਿਨਾਂ ਕਿਸੇ ਜਾਤ-ਪਾਤ, ਊਚ-ਨੀਚ, ਅਮੀਰ-ਗ਼ਰੀਬ, ਛੂਤ-ਛਾਤ ਦੇ ਵਿਤਕਰੇ ਤੋਂ ਮਨੁੱਖਤਾ ਦੀ ਭਲਾਈ ਲਈ ਕਾਰਜ ਕੀਤੇ। ਗੁਰੂ ਸਾਹਿਬ ਦੀ ਸੇਵਾ ਅਤੇ ਭਗਤੀ ਦੇ ਸੰਕਲਪ ਨੂੰ ਆਪਣੇ ਜੀਵਨ ਵਿੱਚ ਢਾਲ ਕੇ ਅਸੀਂ ਇੱਕ ਅਜਿਹੇ ਸਮਾਜ ਦਾ ਨਵ-ਨਿਰਮਾਣ ਕਰ ਸਕਦੇ ਹਾਂ, ਜਿੱਥੇ ਘਿਰਣਾ, ਨਫ਼ਰਤ, ਹਉਮੈ ਅਤੇ ਸੌੜੇ ਹਿੱਤਾਂ ਨੂੰ ਤਿਆਗ ਕੇ ਸਰਬੱਤ ਦੇ ਭਲੇ ਲਈ ਕੰਮ ਕੀਤਾ ਜਾਵੇ। ਪੰਜਾਬੀ ਕਵੀ ਬਾਬੂ ਫ਼ਿਰੋਜ਼ਦੀਨ ਸ਼ਰਫ਼ ਦੀਆਂ ਇਨ੍ਹਾਂ ਕਾਵਿ ਪੰਕਤੀਆਂ ਨਾਲ ਮੈਂ ਆਪਣੇ ਵਿਚਾਰਾਂ ਨੂੰ ਸਮੇਟਦਾ ਹਾਂ:

**ਗੱਲਾਂ ਵੱਡੀਆਂ ਵੱਡੀਆਂ ਉਮਰ ਛੋਟੀ, ਨਾਫ਼ੇ* ਵਾਂਗ ਖ਼ੁਸ਼ਬੋ ਖਿਲਾਰ ਦਿੱਤੀ।**
**ਚਾਰ ਚੰਦ ਗੁਰਿਆਈ ਨੂੰ ਲਾਏ ਸੋਹਣੇ, ਸਿੱਖ ਪੰਥ ਦੀ ਸ਼ਾਨ ਸੰਵਾਰ ਦਿੱਤੀ।**
**ਜਿਧਰ ਨਿਗ੍ਹਾ ਪਵਿੱਤਰ ਦੇ ਬਾਣ ਛੱਡੇ, ਉਸੇ ਪਾਸਿਓਂ ਫ਼ਤਿਹ ਕਰਤਾਰ ਦਿੱਤੀ।**
**ਗੀਤਾ ਅਰਥ ਸੁਣਵਾ ਕਹਾਰ ਕੋਲੋਂ, ਪੰਡਿਤ ਹੋਰਾਂ ਦੀ ਤੇਹ ਉਤਾਰ ਦਿੱਤੀ।**
**(*ਨਾਫ਼ਾ : ਮਿਰਗ/ਹਿਰਨ ਦੀ ਨਾਭੀ ਵਿੱਚ ਪਈ ਕਸਤੂਰੀ)**

**-ਪ੍ਰੋ. ਨਵ ਸੰਗੀਤ ਸਿੰਘ , ਪਟਿਆਲਾ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ - 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ - 1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ

98141-27470

84278-66404

73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com


ਆਵਾਜ਼ਿ ਕੌਮ AWAZE QAUM International Newspaper & WEB TV

# ਅਪੀਲ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।



**ਇਹ ਸੁਝਾਅ**
**ਮਿਤੀ 20 ਅਪ੍ਰੈਲ 2025 ਤੱਕ**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
**ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ**
**ਅਧਿਕਾਰਤ ਈਮੇਲ**
**info@sgpc.net ਅਤੇ**
**ਵੱਟਸਐਪ ਨੰਬਰ 77101-36200**
**'ਤੇ ਭੇਜੇ ਜਾਣ।**

ਆਵਾਜ਼ਿ ਕੌਮ AWAZE QAUM International Newspaper & WEB TV

**ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ**
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਆਵਾਜ਼ਿ ਕੌਮ
AWAZE QAUM
International Newspaper & WEB TV
ਫਗਵਾੜਾ ਹਲਕੇ ਦੇ
ਪੰਥਕ ਨੁਮਾਇੰਦਿਆਂ ਦੀ ਵਿਸ਼ੇਸ਼ ਮੀਟਿੰਗ
12 ਅਪ੍ਰੈਲ ਦਿਨ ਸ਼ਨੀਵਾਰ ਦੁਪਿਹਰ 03:30 ਵਜੇ
ਭਾਈ ਘਨਈਆ ਜੀ ਸੇਵਾ ਸਿਮਰਨ ਕੇਂਦਰ, ਚਾਹਲ ਨਗਰ ਜੀ. ਟੀ. ਰੋਡ, ਫਗਵਾੜਾ
ਜਿਸ ਵਿੱਚ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ ਹੁਕਮਨਾਮੇ ਤਹਿਤ ਫਗਵਾੜੇ ਇਲਾਕੇ ਵਿੱਚ ਮੁੜ ਪੰਥਕ ਸਿਆਸਤ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਪੁਨਰਸੁਰਜੀਤੀ ਲਈ ਭਰਤੀ ਮੁਹਿੰਮ ਦੀ ਸ਼ੁਰੂਆਤ ਹੋਵੇਗੀ।
ਵਿਸ਼ੇਸ਼ ਤੌਰ ਤੇ ਪਹੁੰਚ ਰਹੀਆ ਸ਼ਖਸ਼ੀਅਤਾਂ
ਬਾਬਾ ਸਰਬਜੋਤ ਸਿੰਘ ਬੇਦੀ ਜੀ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ
ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ
ਸ. ਰਵੀ ਇੰਦਰ ਸਿੰਘ ਜੀ
ਫਗਵਾੜੇ ਦੀਆਂ ਸਿੱਖ ਜਥੇਬੰਦੀਆਂ ਵੱਲੋ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।
ਆਪ ਸਭ ਨੂੰ ਪਰਿਵਾਰ ਅਤੇ ਸਾਥੀਆ ਸਣੇ ਪੁੱਜਣ ਦੀ ਵਿਸ਼ੇਸ਼ ਬੇਨਤੀ ਕੀਤੀ ਜਾਂਦੀ ਹੈ।
ਅਲਾਇੰਸ ਆਫ਼ ਸਿੱਖ ਆਰਗੇਨਾਈਜ਼ੇਸ਼ਨਜ਼ ਖ਼ਾਲਸਾ ਪਰਿਵਾਰ, ਫਗਵਾੜਾ
ਫੋਨ ਨੰ: 9855801984, 9914501984, 7205700009, 7205800009

ਖਾਲਸਾ ਅਕਾਲ ਪੁਰਖ ਕੀ ਫੌਜ ।। ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ ।।

# ਗੁਰੂ ਨਾਨਕ ਗੁਰਦੁਆਰਾ ਸਮੈਦਿਕ ਦੀ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਵੱਲੋਂ ਖਾਲਸਾ ਪੰਥ ਦੇ ਸਾਜਨਾ ਦਿਵਸ ਦੀ ਸਮੂਹ ਸਿੱਖ ਜਗਤ ਨੂੰ ਵਧਾਈ

## 13 ਅਪ੍ਰੈਲ ਐਤਵਾਰ ਨੂੰ ਵਿਸ਼ੇਸ਼ ਦੀਵਾਨ ਸਜਾਏ ਜਾਣਗੇ

ਗੁਰੂ ਰੂਪ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫ਼ਤਹਿ ॥

ਸਦੀਆਂ ਤੋਂ ਪੰਜਾਬੀ ਲੋਕ ਵਿਸਾਖੀ ਨੂੰ ਇਕ ਮੌਸਮੀ ਤਿਓਹਾਰ ਦੇ ਤੌਰ 'ਤੇ ਮਨਾਉਂਦੇ ਆ ਰਹੇ ਸਨ। 1699 ਦੀ ਵਿਸਾਖੀ ਮੌਕੇ ਗੁਰੂ ਗੋਬਿੰਦ ਸਿੰਘ ਜੀ ਨੇ ਜੋ ਕੌਤਕ ਵਰਤਾਇਆ ਉਹ ਸਿੱਖ ਕੌਮ ਨੂੰ ਸਦਾ ਵਾਸਤੇ ਇਸ ਦਿਹਾੜੇ ਨਾਲ ਜੋੜ ਗਿਆ। ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਜਾਤ ਪਾਤ ਊਚ ਨੀਚ ਦਾ ਭੇਦ ਭਾਵ ਮਿਟਾਉਂਦੇ ਹੋਏ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕੀਤਾ। ਖਾਲਸੇ ਨੂੰ ਇਕ ਰਹਿਤ ਮਰਿਯਾਦਾ ਬਖਸ਼ੀ ਗਈ । ਸਭ ਤੋਂ ਮਹਾਨ ਕੌਤਕ ਕਿ ਗੁਰੂ ਸਾਹਿਬ ਨੇ ਗੁਰੂ ਪੰਥ ਦੇ ਨੁਮਾਇੰਦੇ ਪੰਜ ਪਿਆਰਿਆਂ ਨੂੰ ਸਥਾਪਤ ਕਰਕੇ ਗੁਰੂ ਦਾ ਦਰਜਾ ਦਿੱਤਾ ਅਤੇ ਉਹਨਾਂ ਤੋਂ ਆਪ ਅੰਮ੍ਰਿਤ ਛੱਕਿਆ । ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਗੁਰੂ ਘਰ ਵਿਖੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ ।

### ਖਾਲਸਾ ਪੰਥ ਦੇ ਸਿਰਜਣਾ ਦਿਵਸ ਸਬੰਧੀ ਸਮਾਗਮ

(ਹਾਲ ਨੰਬਰ 4 ਵਿੱਚ)

ਅਰੰਭ ਸ੍ਰੀ ਅਖੰਡਪਾਠ ਸਾਹਿਬ 11 ਅਪ੍ਰੈਲ ਸ਼ੁੱਕਰਵਾਰ ਸਵੇਰੇ 5 ਵਜੇ

ਭੋਗ ਸ੍ਰੀ ਅਖੰਡਪਾਠ ਸਾਹਿਬ 13 ਅਪ੍ਰੈਲ ਐਤਵਾਰ ਸਵੇਰੇ 5 ਵਜੇ

ਉਪਰੰਤ ਸਾਰਾ ਦਿਨ ਦੀਵਾਨ ਸਜਣਗੇ, ਜਿਸ ਦੌਰਾਨ ਗੁਰੂ ਘਰ ਦੇ ਹਜ਼ੂਰੀ ਰਾਗੀ ਜਥੇ, ਕੀਰਤਨੀ ਜਥੇ, ਕਥਾ ਵਾਚਕ, ਕਵੀਸ਼ਰ ਤੇ ਹੋਰ ਪ੍ਰਚਾਰਕ ਜਥੇ ਹਾਜ਼ਰੀ ਭਰਨਗੇ । ਗੁਰੂ ਕੇ ਅਤੁੱਟ ਲੰਗਰ ਵਰਤਣਗੇ ।

* ਅੰਮ੍ਰਿਤ ਸੰਚਾਰ 13 ਅਪ੍ਰੈਲ, ਐਤਵਾਰ ਨੂੰ 2:00 ਵਜੇ ਦੁਪਹਿਰੇ ਹੋਵੇਗਾ
* ਨਿਸ਼ਾਨ ਸਾਹਿਬ ਦੀ ਸੇਵਾ 13 ਅਪ੍ਰੈਲ, ਐਤਵਾਰ ਨੂੰ ਸਵੇਰੇ 5:00 ਕੀਤੀ ਜਾਵੇਗੀ







ਆਵਾਜ਼ਿ ਕੌਮ
AWAZE QAUM
International Newspaper & WEB TV






### ਬਾਬਾ ਟੇਕ ਸਿੰਘ ਨੇ

# ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਵਜੋਂ ਸੇਵਾ ਸੰਭਾਲੀ








**ਤਲਵੰਡੀ ਸਾਬੋ, 9 ਅਪ੍ਰੈਲ ਗੁਰਜੰਟ ਸਿੰਘ ਨਥੇਹਾ)**-ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਨਵ-ਨਿਯੁਕਤ ਜਥੇਦਾਰ ਬਾਬਾ ਟੇਕ ਸਿੰਘ ਨੇ ਅੱਜ ਤਖਤ ਸਾਹਿਬ ਵਿਖੇ ਸੇਵਾ ਸੰਭਾਲ ਲਈ ਹੈ। ਸੇਵਾ ਸੰਭਾਲ ਸਮਾਗਮ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਤਖ਼ਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ, ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਸ. ਰਣਜੀਤ ਸਿੰਘ, ਸਬ-ਆਫ਼ਿਸ ਤਲਵੰਡੀ ਸਾਬੋ ਦੇ ਇੰਚਾਰਜ ਸ. ਭੋਲਾ ਸਿੰਘ ਅਤੇ ਸਭਾ ਸੁਸਾਇਟੀਆਂ ਦੇ ਨੁਮਾਇੰਦਿਆਂ ਵੱਲੋਂ ਦਸਤਾਰਾਂ ਭੇਟ ਕੀਤੀਆਂ ਗਈਆਂ। ਇਸ ਤੋਂ ਪਹਿਲਾਂ ਭਾਈ ਲਖਵਿੰਦਰ ਸਿੰਘ ਦੇ ਰਾਗੀ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ, ਅਰਦਾਸ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਗਿਆਨੀ ਜਰਨੈਲ ਸਿੰਘ ਨੇ ਲਿਆ। ਬਾਬਾ ਟੇਕ ਸਿੰਘ ਨੂੰ ਜਥੇਦਾਰ ਨਿਯੁਕਤ ਕਰਨ ਦਾ ਫੈਸਲਾ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ 7 ਮਾਰਚ ਨੂੰ ਹੋਈ ਇਕੱਤਰਤਾ ਵਿਚ ਲਿਆ ਗਿਆ ਸੀ।

ਸਿੱਖਿਆ ਦਾ ਅਧਿਕਾਰ ਕਾਨੂੰਨ 2009 ਪੰਜਾਬ ਦੇ ਪ੍ਰਾਈਵੇਟ ਸਕੂਲਾਂ ਵਿੱਚ ਹੂਬਹੂ ਲਾਗੂ ਨਾ ਕਰਨ ਦੇ ਵਿਰੋਧ ਵਿੱਚ

# ਕੱਕੜਵਾਲ ਚੌਂਕ ਧੂਰੀ ਵਿਖੇ ਧਰਨਾ ਲਗਾਇਆ ਗਿਆ





**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿੱਖਿਆ ਦਾ ਅਧਿਕਾਰ ਕਾਨੂੰਨ 2009 ਪੰਜਾਬ ਦੇ ਪ੍ਰਾਈਵੇਟ ਸਕੂਲਾਂ ਵਿੱਚ ਹੂਬਹੂ ਲਾਗੂ ਨਾ ਕਰਨ ਦੇ ਵਿਰੋਧ ਵਿੱਚ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ,ਹੋਰ ਜਥੇਬੰਦੀਆਂ ਅਤੇ ਹਰ ਵਰਗ ਦੇ ਗਰੀਬ ਬੱਚਿਆਂ ਦੇ ਮਾਪਿਆਂ ਵੱਲੋਂ ਮਿਤੀ 09 ਅਪ੍ਰੈਲ 2025 ਨੂੰ ਕੱਕੜਵਾਲ ਚੌਂਕ ਧੂਰੀ ਵਿਖੇ ਧਰਨਾ ਲਗਾਇਆ ਗਿਆ। ਇਸ ਮੌਕੇ ਵਿੱਕੀ ਪਰੋਚਾ ਧੂਰੀ ਕੌਮੀ ਪ੍ਰਧਾਨ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਸਿੱਖਿਆ ਦਾ ਅਧਿਕਾਰ ਕਾਨੂੰਨ 2009 ਜੋ ਪਿਛਲੇ 15 ਸਾਲਾਂ ਤੋ ਪੰਜਾਬ ਨੂੰ ਛੱਡ ਕੇ ਪੂਰੇ ਭਾਰਤ ਵਿੱਚ ਲਾਗੂ ਹੈ।ਜਿਸ ਦੇ ਵਿੱਚ ਗੈਰ ਸਹਾਇਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ 25% ਹਰ ਵਰਗ ਦੇ ਗਰੀਬ ਬੱਚਿਆਂ ਨੂੰ *ਪਹਿਲੀ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਤੱਕ* ਮੁਫ਼ਤ ਵਿਦਿਆ ਦੇਣੀ ਹੈ।ਸਿੱਖਿਆ ਦਾ ਅਧਿਕਾਰ ਕਾਨੂੰਨ 2009 ਦੇ ਤਹਿਤ ਭਰਤੀ ਕੀਤੇ ਬੱਚਿਆਂ ਦਾ ਖਰਚਾ *(ਕੇਂਦਰ ਸਰਕਾਰ ਨੇ 65% ਤੇ ਪੰਜਾਬ ਸਰਕਾਰ 35%)* ਸਕੂਲ ਨੂੰ ਦੇਣਾ ਹੈ। ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ 19 ਫਰਵਰੀ 2025 ਦੇ ਹੁਕਮਾਂ ਤੋਂ ਬਾਅਦ ਪੰਜਾਬ ਸਰਕਾਰ ਦੇ ਸਿੱਖਿਆ ਸਕੱਤਰ ਵੱਲੋਂ ਮਿਤੀ 21 ਮਾਰਚ 2025 ਅਤੇ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ ਵੱਲੋਂ ਮਿਤੀ 24-03-2025 ਦੇ ਪੱਤਰ ਰਾਹੀਂ ਸਮੂਹ ਸਿੱਖਿਆ ਅਫਸਰ, ਸਮੂਹ ਪ੍ਰਿੰਸੀਪਲ ਅਤੇ ਸਕੂਲ ਮੁਖੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਉਹ ਸਿੱਖਿਆ ਦਾ ਅਧਿਕਾਰ ਕਾਨੂੰਨ 2009 ਨੂੰ ਹੂਬਹੂ ਸੈਸ਼ਨ 2025 -26 ਤੋਂ ਤੁਰੰਤ ਲਾਗੂ ਕਰਨ। ਦੇਖਣ ਵਿੱਚ ਆਇਆ ਹੈ ਕਿ ਕੁਝ ਸਕੂਲਾਂ ਦੇ ਮੁਖੀ ਬੱਚਿਆਂ ਨੂੰ ਸਕੂਲ ਵਿੱਚ ਭਰਤੀ ਕਰਨ ਲਈ ਟਾਲ ਮਟੋਲ ਕਰ ਰਹੇ ਹਨ ਅਤੇ ਉਹਨਾਂ ਦੇ ਮਾਤਾ-ਪਿਤਾ ਨੂੰ ਗੁਮਰਾਹ ਕਰ ਰਹੇ ਹਨ। ਕਿਸੇ ਨੂੰ ਕਹਿੰਦੇ ਹਨ ਕਿ ਪਹਿਲਾਂ ਜ਼ਿਲ੍ਹਾ ਸਿੱਖਿਆ ਅਫਸਰ ਤੋਂ ਲਿਖਾ ਕੇ ਲਿਆਓ ਉਸ ਤੋਂ ਬਾਅਦ ਤੁਹਾਡੇ ਬੱਚੇ ਦਾ ਦਾਖਲਾ ਕਰਾਂਗੇ ਅਤੇ ਕਈ ਹੋਰ ਤਰ੍ਹਾਂ ਦੇ ਬਹਾਨੇ ਲਗਾ ਕੇ ਬੱਚਿਆਂ ਦੇ ਮਾਤਾ ਪਿਤਾ ਦੇ ਚੱਕਰ ਕਟਾ ਰਹੇ ਹਨ। ਇਹ ਸਾਰਾ ਕੁੱਝ ਧਿਆਨ ਵਿੱਚ ਆਉਣ ਤੋਂ ਬਾਅਦ ਮੈਂ ਅਤੇ ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਹੋਰ ਆਗੂ ਅਤੇ ਹੋਰ ਜਥੇਬੰਦੀਆਂ ਦੇ ਆਗੂ ਡਿਪਟੀ ਕਮਿਸ਼ਨਰ ਸਾਹਿਬ ਸੰਗਰੂਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅਤੇ ਐਲੀਮੈਂਟਰੀ ਸੰਗਰੂਰ ਨੂੰ ਮਿਲੇ। ਉਸ ਤੋਂ ਬਾਅਦ ਜਥੇਬੰਦੀ ਦੇ ਆਗੂ ਅਤੇ ਗਰੀਬ ਬੱਚਿਆਂ ਦੇ ਮਾਪੇ ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਨੂੰ ਮਿਲੇ ਪਰ ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਦਾ ਰਵਈਆ ਉਸੇ ਤਰ੍ਹਾਂ ਹੀ ਹੈ।ਪ੍ਰਾਈਵੇਟ ਸਕੂਲ ਆਪਣੀਆਂ ਮਨ ਮਾਨੀਆਂ ਇਥੋਂ ਤੱਕ ਕਰਦੇ ਹਨ ਕਿ ਹਰ ਸਾਲ ਕਿਤਾਬਾਂ ਬਦਲੀ ਕਰਦੇ ਹਨ ਅਤੇ ਮਨਮਰਜ਼ੀ ਨਾਲ ਵਰਦੀਆਂ ਬਦਲੀ ਕਰਦੇ ਹਨ। ਮਹਿੰਗਾਈ ਨੇ ਪਹਿਲਾਂ ਹੀ ਲੋਕਾਂ ਦਾ ਲੱਕ ਤੋੜ ਦਿੱਤਾ ਹੈ ਉੱਤੋਂ ਇਹ ਪ੍ਰਾਈਵੇਟ ਸਕੂਲ ਉਹਨਾਂ ਦਾ ਖੂਨ ਚੂਸਣ ਤੇ ਲੱਗੇ ਹੋਏ ਹਨ। ਸਮੂਹ ਜਥੇਬੰਦੀਆਂ ਅਤੇ ਹਰ ਵਰਗ ਦੇ ਗਰੀਬ ਬੱਚਿਆਂ ਦੇ ਮਾਪਿਆਂ ਵੱਲੋਂ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਕੂਲਾਂ ਦੀਆਂ ਮਨ ਮਰਜ਼ੀਆਂ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਅਤੇ ਬਲਾਕ ਪੱਧਰੀ ਕਮੇਟੀਆਂ ਨਿਯੁਕਤ ਕਰੋ ਤਾਂ ਕਿ ਉਹ ਸਿੱਖਿਆ ਦਾ ਅਧਿਕਾਰ ਕਾਨੂੰਨ 2009 ਤਹਿਤ ਗਰੀਬ ਬੱਚਿਆਂ ਦੀ ਸਕੂਲ ਵਿੱਚ ਦਾਖਲੇ ਦੀ ਰੋਜਾਨਾ ਰਿਪੋਰਟ ਲੈਣ ਤਾਂ ਕਿ ਗਰੀਬ ਬੱਚਿਆਂ ਦੀ ਪਹਿਲੀ ਕਲਾਸ ਤੋਂ ਅੱਠਵੀਂ ਕਲਾਸ ਤੱਕ 25% ਭਰਤੀ ਇਸੇ ਅਕਾਦਮਿਕ ਸੈਸ਼ਨ 2025 -26 ਦੌਰਾਨ ਹੋ ਸਕੇ। ਜਿਹੜਾ ਵੀ ਸਕੂਲ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰੇਗਾ ਉਸ ਦੀ ਮਾਨਤਾ ਰੱਦ ਕੀਤੀ ਜਾਵੇ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸੰਗਰੂਰ ਅਤੇ ਐਸ ਐਚ ਓ ਧੂਰੀ ਨੇ ਮੁੱਖ ਮੰਤਰੀ ਸਾਹਿਬ, ਸਿੱਖਿਆ ਮੰਤਰੀ, ਡਿਪਟੀ ਕਮਿਸ਼ਨਰ ਸੰਗਰੂਰ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੰਗਰੂਰ ਦੇ ਨਾਂ ਤੇ ਮੰਗ ਪੱਤਰ ਲਏ ਅਤੇ ਵਿਸ਼ਵਾਸ ਦਵਾਇਆ ਕਿ ਇਸ ਮਸਲੇ ਦਾ ਜਲਦੀ ਹੱਲ ਕੀਤਾ ਜਾਵੇਗਾ ਅਤੇ ਮੰਚ ਦੇ ਨੁਮਾਇੰਦਿਆ ਦੀ ਛੇਤੀ ਉੱਚ ਪੱਧਰੀ ਮੀਟਿੰਗ ਕਰਾਈ ਜਾਏਗੀ।ਇਸ ਧਰਨੇ ਵਿੱਚ ਸ੍ਰੀ ਉੌਂਕਾਰ ਨਾਥ ਜੀ ਸ੍ਰੀ ਓਂਕਾਰ ਨਾਥ ਰਿਟਾਇਰਡ ਡਿਪਟੀ ਡਾਇਰੈਕਟਰ ਕੈਗ ਅਤੇ ਸ਼੍ਰੀ ਕਿਰਪਾਲ ਸਿੰਘ ਰਿਟਾ ਸੀਨੀਅਰ ਏ ਓ (ਜਿਨ੍ਹਾਂ ਨੇ ਮਾਨਯੋਗ ਹਰਿਆਣਾ ਤੇ ਹਾਈਕੋਰਟ ਵਿੱਚ ਕੇਸ ਜਿੱਤਿਆ ਹੈ), ਪ੍ਰਿੰਸੀਪਲ ਸਰਬਜੀਤ ਸਿੰਘ ਮੋਹਾਲੀ, ਲੈਫਟੀਨੈਂਟ ਦਰਸ਼ਨ ਸਿੰਘ, ਆਵਾ ਸਿੰਘ, ਰਵਿੰਦਰ ਰਾਜਨ ,ਸ਼ਕਤੀਜੀਤ ਸਿੰਘ, ਰਜੇਸ਼ ਕੁਮਾਰ, ਰਾਹੁਲ ਕੁਮਾਰ ਮੁੰਨਾ, ਕਾਕਾ ਰਾਮ, ਪ੍ਰਧਾਨ ਕੇਸੂ, ਅਮਰਜੀਤ ਧੂਰਾ ਆਗੂ ਪੱਲੇਦਾਰ ਯੂਨੀਅਨ, ਅਜੇ ਪਰੋਚਾ ਐਮ ਸੀ, ਗੋਰਾ ਐਮ ਸੀ ,ਮਿੱਠੂ ਐਮ ਸੀ, ਮਨੀ ਐਮ ਸੀ, ਹੈਪੀ ਲੰਕੇਸ਼, ਬਬਲੂ ਬੇਨੜਾ, ਦਲਵਾਰਾ ਬੇਨੜਾ, ਅਮਨਦੀਪ ਚਹਿਲਬਾਰ ਐਸੋਸੀਏਸ਼ਨ ਧੂਰੀ, ਮਲਕੀਤ ਸਿੰਘ ਮਾਧੋ,ਸੋਨੀ ਲੱਡੀ, ਹੈਪੀ ਲੰਕੇਸ, ਸੱਤੀ, ਰਿੰਕੂ ਪੇਂਟਰ, ਕੇਹਰ ਸਿੰਘ ਗੱਗੂ, ਆਸ਼ੀਸ਼ ਢੰਡ, ਹਨੀ, ਮਨੀ ,ਵਿੱਕੀ ਅਤੇ ਹੋਰ ਮੈਂਬਰ ਹਾਜ਼ਰ ਸਨ। ਵਿੱਕੀ ਪਰੋਚਾ ਨੇ ਬੋਲਦਿਆਂ ਕਿਹਾ ਜੇ ਇਸ ਮਾਮਲੇ ਦਾ ਛੇਤੀ ਹੱਲ ਨਾ ਹੋਇਆ ਤਾਂ ਪੂਰੇ ਪੰਜਾਬ ਵਿੱਚ ਸੰਘਰਸ਼ ਤੇਜ਼ ਕੀਤਾ ਜਾਵੇਗਾ।

ਜਬਰ ਜਿਨਾਹ ਅਤੇ ਕਤਲ ਦੇ ਸੰਗੀਨ ਦੋਸ਼ਾਂ ਦੇ ਮੁਜਰਿਮ ਰਾਮ ਰਹੀਮ ਨੂੰ ਵਾਰ ਵਾਰ ਫਰਲੋ ਕਿਉਂ ?-ਪਰਮਜੀਤ ਸਿੰਘ ਵੀਰਜੀ

# ਦਿੱਲੀ ਕਮੇਟੀ ਪ੍ਰਧਾਨ/ ਸਕੱਤਰ ਦੀ ਸਾਜ਼ਿਸ਼ੀ ਚੁੱਪ ਸਿੱਖ ਨੇਤਾ ਹੋਣ ਤੇ ਸੁਆਲ



ਨਵੀਂ ਦਿੱਲੀ 9 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਅਤਿ ਸੰਗੀਨ ਜ਼ੁਲਮਾਂ ਦੇ ਦੋਸ਼ੀ ਸੋਧਾ ਸਾਧ ਰਾਮ ਰਹੀਮ ਜੋ ਕਿ ਜਬਰ ਜਿਨਾਹ ਅਤੇ ਕਤਲ ਦੇ ਸੰਗੀਨ ਦੋਸ਼ਾਂ ਅੰਦਰ ਉਮਰਕੈਦ ਦੀ ਸਜ਼ਾ ਯਾਫਤਾ ਹੈ ਨੂੰ ਵਾਰ ਵਾਰ ਫਰਲੋ ਦੇ ਕੇ ਸਿੱਖਾਂ ਨੂੰ ਵਾਰ ਵਾਰ ਦੂਜੇ ਦਰਜ਼ੇ ਦੇ ਸ਼ਹਿਰੀ ਹੋਣ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ ।ਜਿਕਰਯੋਗ ਹੈ ਕਿ ਰਾਮ ਰਹੀਮ ਨੂੰ ਅਜ 13 ਵੀਂ ਵਾਰ 21 ਦਿਨਾਂ ਦੀ ਫਰਲੋ ਦਿੱਤੀ ਗਈ ਹੈ । ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੁੱਖੀ ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਰਾਮ ਰਹੀਮ ਜਿਸਨੇ ਜਾਣਬੁਝ ਕੇ ਸਿੱਖ ਪੰਥ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕੀਤਾ, ਬੇਅੰਤ ਮਾਸੂਮਾਂ ਦੀ ਜਿੰਦਗੀ ਉਜਾੜ ਦਿੱਤੀ ਉਪਰ ਵਾਰ ਵਾਰ ਸਰਕਾਰ ਕਿਉਂ ਮੇਹਰਬਾਨੀ ਦਿਖਾ ਰਹੀ ਹੈ. ? ਦੇਸ਼ ਅੰਦਰ ਗੋਧਰਾ ਕਾਂਡ ਵਰਗੇ ਘਿਨਾਉਣੇ ਕਾਰੇ ਕਰਕੇ ਬੇਗੁਨਾਹਾਂ ਨੂੰ ਕਤਲ ਕਰਣ ਵਾਲੇ ਪ੍ਰਗਯਾ ਠਾਕੁਰ, ਪੂਰੋਹਿਤ ਵਰਗੇ ਅੱਤਵਾਦੀਆਂ ਨੂੰ ਜਮਾਨਤ ਦੇ ਕੇ ਬਾਹਰ ਨਿਕਾਲ ਲਿਆ ਜਾਂਦਾ ਹੈ ਪਰ ਸਿੱਖ ਪੰਥ ਉਪਰ ਤੱਤਕਾਲੀ ਕਾਂਗਰਸ ਸਰਕਾਰ ਵਲੋਂ ਢਾਹੇ ਗਏ ਜ਼ੁਲਮ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਅਤੇ ਹੋਰ ਗੁਰਦੁਆਰਾ ਸਾਹਿਬਾਨ ਉਪਰ ਚੜਾਈ ਗਈ ਫੌਜ ਦੇ ਵਿਰੋਧ ਵਿਚ ਸਿੱਖਾਂ ਵਲੋਂ ਜੋ ਕਾਰਵਾਈ ਕੀਤੀ ਸੀ, ਓਹ ਸਾਰੇ ਨੌਜੁਆਨ ਕੌਈ ਅਪਰਾਧੀ ਨਹੀਂ ਸਨ ਇਸੇ ਦੇਸ਼ ਦੇ ਆਮ ਨਾਗਰਿਕ ਸਨ ਜਿਨ੍ਹਾਂ ਨੂੰ ਸਰਕਾਰੀ ਜ਼ੁਲਮਾਂ ਨੇ ਇਸ ਰਸਤੇ ਉਪਰ ਚਲਣ ਲਈ ਮਜਬੂਰ ਕੀਤਾ ਸੀ । ਦੇਸ਼ ਦੇ ਪ੍ਰਧਾਨਮੰਤਰੀ ਨਰਿੰਦਰ ਮੋਦੀ ਨੇ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਪ੍ਰਕਾਸ਼ ਪੁਰਬ ਮੌਕੇ ਸਿੱਖ ਬੰਦੀ ਸਿੰਘਾਂ ਨੂੰ ਰਿਹਾਅ ਕਰਣ ਦਾ ਐਲਾਨ ਕੀਤਾ ਸੀ ਜੋ ਅਜੇ ਤਕ ਸਿਰਫ ਐਲਾਨ ਹੀ ਰਹਿ ਗਿਆ ਹੈ ਤੇ ਓਸ ਤੇ ਕੌਈ ਕਾਰਵਾਈ ਨਹੀਂ ਹੋਈ ਹੈ ।ਸਰਕਾਰ ਦਾ ਫਰਜ਼ ਬਣਦਾ ਹੈ ਕਿ ਸਿੱਖ ਭਾਵਨਾਵਾਂ ਨੂੰ ਵਾਰ ਵਾਰ ਠੇਸ ਪਹੁੰਚਾਣ ਨਾਲੋਂ ਦੇਸ਼ ਦੀਆਂ ਵੱਖ ਵੱਖ ਜੇਲ੍ਹਾਂ ਅੰਦਰ ਬੰਦ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਏ ।ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਦੇ ਪ੍ਰਧਾਨ, ਸਕੱਤਰ ਅਤੇ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਵਲੋਂ ਰਾਮ ਰਹੀਮ ਨੂੰ ਮਿਲ ਰਹੀ ਵਾਰ ਵਾਰ ਫਰਲੋ ਦਾ ਵਿਰੋਧ ਨਾ ਕਰਣਾ ਅਤੇ ਗੂੰਗੇ ਬਣ ਕੇ ਚੁੱਪ ਰਹਿਣਾ ਉਨ੍ਹਾਂ ਦੇ ਸਿੱਖ ਨੇਤਾ ਹੋਣ ਤੇ ਵੱਡਾ ਸੁਆਲ ਚੁੱਕ ਰਿਹਾ ਹੈ। ••

# ਈ.ਟੀ.ਓ. ਮੰਤਰੀ ਨੇ ਪਿੰਡ ਉਸਮਾਂ ਦੇ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਨੂੰ ਦਿੱਤਾ ਗਰਾਂਟ ਦਾ ਥਾਪੜਾ



**ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ, 09 ਅਪਰੈਲ**-ਹਲਕਾ ਜੰਡਿਆਲਾ ਗੁਰੂ ਦੇ ਪਿੰਡ ਉਸਮਾਂ ਵਿਖੇ 18 ਲੱਖ 36 ਹਜ਼ਾਰ ਰਾਸ਼ੀ ਦੇ ਵਿਕਾਸ ਕਾਰਜਾਂ ਨੂੰ ਹਰੀ ਝੰਡੀ ਦਿੰਦੇ ਹੋਏ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ.ਟੀ.ਓ. ਨੇ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਉਸਮਾ ਨੂੰ ਪਿੰਡ ਦੇ ਵਿਕਾਸ ਲਈ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨ ਦਾ ਥਾਪੜਾ ਦਿੰਦੇ ਹੋਏ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਬਪੱਖੀ ਵਿਕਾਸ ‘ਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਸ਼ਹਿਰਾਂ ਵਾਂਗ ਪਿੰਡਾਂ ‘ਚ ਵੀ ਹਰ ਸਹੂਲਤ ਮੁਹੱਈਆ ਕਰਵਾਉਣ ਦੇ ਮੁੱਖ ਮਕਸਦ ਨੂੰ ਸਾਡੀ ਸਰਕਾਰ ਹਰ ਹੀਲੇ ਪੂਰਾ ਕਰੇਗੀ।ਇਸ ਦੌਰਾਨ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਨੇ ਕੈਬਨਿਟ ਮੰਤਰੀ ਈ.ਟੀ.ਓ. ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲੇ ਬਹੁਤ ਹੀ ਸ਼ਲ਼ਾਘਾਯੋਗ ਕਦਮ ਹਨ ਤੇ ਬੁਨਿਆਦੀ ਲੋੜਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਦੇ ਕੀਤੇ ਆਪਣੇ ਵਾਅਦਿਆਂ ਪ੍ਰਤੀ ਪੂਰੀ ਤਰ੍ਹਾਂ ਨਾਲ ਗੰਭੀਰ ਹੈ ਉਨ੍ਹਾਂ ਕਿਹਾ ਕਿ ਕੈਬਿਨੇਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਉਮਸਾਂ ਪਿੰਡ ਨੂੰ ‘ਮਾਡਲ ਗ੍ਰਾਮ’ ਵਜੋਂ ਵਿਕਸਤ ਕੀਤਾ ਜਾਵੇਗਾ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਗੁਰਵਿੰਦਰ ਸਿੰਘ ਰੰਧਾਵਾ ਖੱਬੇਰਾਜਪੂਤਾਂ,ਬਲਾਕ ਪ੍ਰਧਾਨ ਗੁਰਜ਼ਿੰਦਰ ਸਿੰਘ ਕੋਹਾਟਵਿੰਡ,ਪੰਚਾਇਤ ਮੈਂਬਰ ਕੰਵਲਜੀਤ ਸਿੰਘ ,ਸੁਖਦੇਵ ਸਿੰਘ, ਕੁਲਵਿੰਦਰ ਕੌਰ,ਨਿਰਮਲ ਸਿੰਘ ਤੇ ਸੁੱਚਾ ਸਿੰਘ, ਸ, ਜਗੀਰ ਸਿੰਘ ਰੰਧਾਵਾ ਉਸਮਾ ਤੋਂ ਇਲਾਵਾ ਸਕੱਤਰ ਸਿੰਘ,ਗੁਰਪ੍ਰੀਤ ਸਿੰਘ, ਹਰਜਿੰਦਰ ਸਿੰਘ ਰੰਧਾਵਾ ਉਸਮਾ, ਅਮਰਜੀਤ ਸਿੰਘ ਤੇ ਹਰਪ੍ਰੀਤ ਸਿੰਘ ਆਦਿ ਵੀ ਮੌਜੂਦ ਸਨ।

# ਖ਼ਾਲਸਾ ਸਾਜਣਾ ਦਿਵਸ ਦੇ ਸਮਾਗਮਾਂ ’ਚ ਸ਼ਮੂਲੀਅਤ ਲਈ 10 ਅਪ੍ਰੈਲ ਨੂੰ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਨੇ ਵੀਜ਼ਾ ਲੱਗੇ ਪਾਸਪੋਰਟ ਕੀਤੇ ਪ੍ਰਾਪਤ



**ਨਵੀਂ ਦਿੱਲੀ, 9 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਖ਼ਾਲਸਾ ਸਾਜਣਾ ਦਿਵਸ (ਵਿਸਾਖੀ) ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂ 10 ਅਪ੍ਰੈਲ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਸਵੇਰੇ 8:00 ਵਜੇ ਰਵਾਨਾ ਹੋਣਗੇ। ਜਿਨ੍ਹਾਂ ਸ਼ਰਧਾਲੂਆਂ ਦੇ ਵੀਜੇ ਲੱਗੇ ਹਨ, ਉਨ੍ਹਾਂ ਨੇ ਅੱਜ ਸ਼੍ਰੋਮਣੀ ਕਮੇਟੀ ਦਫਤਰ ਤੋਂ ਆਪਣੇ ਵੀਜਾ ਲੱਗੇ ਪਾਸਪੋਰਟ ਪ੍ਰਾਪਤ ਕੀਤੇ। ਸ਼੍ਰੋਮਣੀ ਕਮੇਟੀ ਵੱਲੋਂ ਜਥੇ ਦੀ ਅਗਵਾਈ ਮੈਂਬਰ ਸ. ਜੰਗ ਬਹਾਦਰ ਸਿੰਘ ਨੂੰ ਸੌਂਪੀ ਗਈ ਹੈ, ਜਦਕਿ ਉਨ੍ਹਾਂ ਨਾਲ ਜਥੇ ਦੇ ਡਿਪਟੀ ਲੀਡਰ ਵਜੋਂ ਮੈਂਬਰ ਬੀਬੀ ਜੋਗਿੰਦਰ ਕੌਰ ਬਠਿੰਡਾ ਜਾਣਗੇ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਰਵਿੰਦਰ ਸਿੰਘ ਖਾਲਸਾ, ਮੈਂਬਰ ਬੀਬੀ ਜਸਪਾਲ ਕੌਰ ਅਤੇ ਸ. ਰਾਮਪਾਲ ਸਿੰਘ ਬਹਿਣੀਵਾਲ ਵੀ ਜਥੇ ਨਾਲ ਜਾ ਰਹੇ ਹਨ। ਅੱਜ ਸ਼ਰਧਾਲੂਆਂ ਨੂੰ ਵੀਜਾ ਲੱਗੇ ਪਾਸਪੋਰਟ ਵੰਡਣ ਮੌਕੇ ਓਐਸਡੀ ਸ. ਸਤਬੀਰ ਸਿੰਘ ਧਾਮੀ ਨੇ ਕਿਹਾ ਕਿ ਪਾਕਿਸਤਾਨ ’ਚ ਰਹਿ ਗਏ ਸਿੱਖ ਗੁਰਧਾਮਾਂ ਦੇ ਦਰਸ਼ਨਾਂ ਦੀ ਹਰ ਸਿੱਖ ਦੇ ਮਨ ਅੰਦਰ ਤਾਂਘ ਹੁੰਦੀ ਹੈ ਅਤੇ ਜਥੇ ਵਿਚ ਜਾ ਰਹੇ ਸ਼ਰਧਾਲੂਆਂ ਅੰਦਰ ਉਤਸ਼ਾਹ ਤੇ ਖੁਸ਼ੀ ਹੋਣਾ ਕੁਦਰਤੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਥੇ ਲਈ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ ਅਤੇ 10 ਅਪ੍ਰੈਲ ਨੂੰ ਸਵੇਰੇ ਸੰਗਤ ਨੂੰ ਪੰਥਕ ਰਵਾਇਤਾਂ ਅਨੁਸਾਰ ਸ਼੍ਰੋਮਣੀ ਕਮੇਟੀ ਦਫ਼ਤਰ ਤੋਂ ਰਵਾਨਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਵਾਰ 1942 ਸ਼ਰਧਾਲੂਆਂ ਦੇ ਪਾਸਪੋਰਟ ਵੀਜੇ ਲਈ ਭੇਜੇ ਗਏ ਸਨ, ਜਿਨ੍ਹਾਂ ਨੂੰ ਦਿੱਲੀ ਸਥਿਤ ਪਾਕਿਸਤਾਨ ਦੂਤਾਵਾਸ ਨੇ ਵੀਜੇ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਇਸ ਵਾਰ ਸਾਰੇ ਸ਼ਰਧਾਲੂਆਂ ਨੂੰ ਵੀਜੇ ਮਿਲੇ ਹਨ, ਜਿਸ ਨਾਲ ਸੰਗਤ ਵਿੱਚ ਵੱਡਾ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਜਿਹੜੇ ਸ਼ਰਧਾਲੂ ਅੱਜ ਪਾਸਪੋਰਟ ਲੈਣ ਨਹੀਂ ਪੁੱਜ ਸਕੇ, ਉਹ ਜਥੇ ਦੀ ਰਵਾਨਗੀ ਤੋਂ ਪਹਿਲਾਂ ਆਪਣੇ ਪਾਸਪੋਰਟ ਪ੍ਰਾਪਤ ਕਰਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਪ੍ਰੀਤਪਾਲ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸੁਪਰਡੰਟ ਸ. ਨਿਸ਼ਾਨ ਸਿੰਘ, ਯਾਤਰਾ ਵਿਭਾਗ ਦੇ ਇੰਚਾਰਜ ਸ. ਪਲਵਿੰਦਰ ਸਿੰਘ, ਸਹਾਇਕ ਸੁਪਰਡੈਂਟ ਸ. ਸੁਰਜੀਤ ਸਿੰਘ ਰਾਣਾ ਆਦਿ ਹਾਜਰ ਸਨ।






ਵਰ੍ਹੇਗੰਢ ਦੀਆਂ ਮੁਬਾਰਕ

ਭਾਈ ਨਰਿੰਦਰ ਸਿੰਘ ਦਮਦਮੀ ਟਕਸਾਲ, ਪਰਮਜੀਤ ਕੌਰ ਨੇ ਆਪਣੇ ਵਿਆਹ ਦੀ 26 ਵੀਂ ਵਰ੍ਹੇ ਗੰਢ ਮਨਾਈ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਵਧ ਰਹੀ ਗਰਮੀ ਦੇ ਮੱਦੇਨਜ਼ਰ ਸਿਹਤ ਸਮੱਸਿਆ ਹੋਣ 'ਤੇ ਤੁਰੰਤ ਡਾਕਟਰੀ ਸਲਾਹ ਲਵੋ - ਸਿਵਲ ਸਰਜਨ

# ਸਿਵਲ ਸਰਜਨ ਵੱਲੋਂ ਹੀਟ ਸਟ੍ਰੋਕ ਦੇ ਮੱਦੇਨਜ਼ਰ ਐਡਵਾਈਜ਼ਰੀ ਜਾਰੀ

**ਫ਼ਿਰੋਜ਼ਪੁਰ, 9 ਅਪ੍ਰੈਲ: ਸੁਖਮੰਦਰ ਸਿੰਘ ਸ਼ਾਤ** -ਅਜੋਕੇ ਦਿਨਾਂ ਵਿੱਚ ਤਾਪਮਾਨ ਵਿੱਚ ਹੋਣ ਵਾਲੇ ਵਾਧੇ ਨੂੰ ਧਿਆਨ ਵਿੱਚ ਰੱਖਦਿਆਂ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਲੋਕਾਂ ਨੂੰ ਹੀਟ ਸਟਰੋਕ / ਲੂ ਤੋਂ ਬਚਾਉਣ ਲਈ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ ਤਾਂ ਜੋ ਲੋਕ ਗਰਮੀ ਦੇ ਮੌਸਮ ਦੌਰਾਨ ਵਧੇਰੇ ਗਰਮੀ ਕਾਰਨ ਹੋਣ ਵਾਲੀਆਂ



### ਗਰਮੀ ਦੇ ਦਿਨਾਂ ਵਿੱਚ ਹੀਟ ਸਟਰੋਕ ਤੋਂ ਬਚਣ ਲਈ ਲੋਕਾਂ ਨੂੰ ਸੁਚੇਤ ਰਹਿਣ ਦੀ ਸਲਾਹ

ਬਿਮਾਰੀਆਂ ਤੋਂ ਆਪਣੇ ਆਪ ਨੂੰ ਬਚਾ ਸਕਣ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫ਼ਿਰੋਜ਼ਪੁਰ ਡਾ. ਰਾਜਵਿੰਦਰ ਕੌਰ ਨੇ ਦੱਸਿਆ ਕਿ ਗਰਮੀ ਦੀ ਲਹਿਰ ਦੌਰਾਨ ਹੀਟ ਸਟਰੋਕ ਦੇ ਨਾਲ ਫੂਡ ਪੁਆਇਜ਼ਿਨੰਗ ਦੀ ਸਮੱਸਿਆ ਬਹੁਤ ਜ਼ਿਆਦਾ ਹੁੰਦੀ ਹੈ, ਇਸ ਲਈ ਸਾਨੂੰ ਵੱਧ ਤੋਂ ਵੱਧ ਤਾਜ਼ੇ ਫਲ ਖਾਣੇ ਚਾਹੀਦੇ ਹਨ, ਬਾਜ਼ਾਰ ਦੇ ਖੁੱਲੇ ਭੋਜਨ ਖਾਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ, ਅਜਿਹੇ ਫਲ ਅਤੇ ਸਬਜ਼ੀਆਂ ਨੂੰ ਭੋਜਨ ਵਿੱਚ ਸ਼ਾਮਿਲ ਕਰਨਾ ਚਾਹੀਦਾ ਹੈ, ਜਿੰਨ੍ਹਾਂ ਵਿੱਚ ਪਾਣੀ ਦੀ ਮਾਤਰਾ ਜ਼ਿਆਦਾ ਹੋਵੇ। ਉਨ੍ਹਾਂ ਕਿਹਾ ਕਿ ਖੀਰਾ, ਤਰਬੂਜ, ਅੰਬ, ਲੀਚੀ ਅਤੇ ਲੌਂਕੀ ਇਹ ਸਾਰੀਆਂ ਚੀਜ਼ਾਂ ਗਰਮੀ ਦੇ ਮੌਸਮ ਵਿੱਚ ਲਾਹੇਵੰਦ ਹਨ। ਇਹ ਬੇਹੱਦ ਜ਼ਰੂਰੀ ਹੈ ਕਿ ਅਸੀਂ ਆਪਣੀ ਚਮੜੀ ਨੂੰ ਤੇਜ਼ ਗਰਮੀ ਤੋਂ ਸੁਰੱਖਿਅਤ ਰੱਖੀਏ, ਸੂਰਜ ਦੀਆਂ ਸਿੱਧੀਆਂ ਕਿਰਨਾਂ ਤੋਂ ਆਪਣੇ ਸਰੀਰ ਨੂੰ ਬਚਾਉਣਾ ਬਹੁਤ ਜਰੂਰੀ ਹੈ। ਗਰਮੀ ਦੇ ਇਸ ਮੌਸਮ ਦੌਰਾਨ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਆਉਣ 'ਤੇ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਜੇਕਰ ਮੈਦਾਨੀ ਖੇਤਰ ਦਾ ਤਾਪਮਾਨ 47 ਡਿਗਰੀ ਜਾਂ ਇਸ ਤੋਂ ਵੱਧ ਤੱਕ ਪਹੁੰਚ ਜਾਂਦਾ ਹੈ, ਤਾਂ ਇਹ ਉੱਚ ਤਾਪਮਾਨ ਸਰੀਰ ਦੀ ਤਾਪਮਾਨ ਨਿਯੰਤਰਣ ਪ੍ਰਣਾਲੀ ਨੂੰ ਵਿਗਾੜਦਾ ਹੈ ਅਤੇ ਗਰਮੀ ਨਾਲ ਸਬੰਧਤ ਬਿਮਾਰੀਆਂ ਦਾ ਕਾਰਨ ਬਣਦਾ ਹੈ। ਸਿਵਲ ਸਰਜਨ ਨੇ ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਜਾਰੀ ਐਡਵਾਈਜ਼ਰੀ ਦੀ ਪਾਲਣਾ ਕਰਨ ਦੀ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਮੌਸਮ ਦੌਰਾਨ ਆਮ ਲੋਕਾਂ ਦੇ ਨਾਲ-ਨਾਲ ਖਾਸ ਕਰਕੇ ਉਨ੍ਹਾਂ ਲੋਕਾਂ, ਜਿਹੜੇ ਜੋਖਮ ਸ਼੍ਰੇਣੀ ਵਿੱਚ ਆਉਂਦੇ ਹਨ, ਨੂੰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਸਲਾਹ ਦਿੰਦਿਆਂ ਕਿਹਾ ਕਿ ਟੀ.ਵੀ., ਰੇਡੀਓ, ਅਖਬਾਰਾਂ ਆਦਿ ਰਾਹੀਂ ਸਥਾਨਕ ਮੌਸਮ ਦੀਆਂ ਖਬਰਾਂ ਵੱਲ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਇਸ ਤੋਂ ਇਲਾਵਾ ਮੌਸਮ ਵਿਭਾਗ ਦੀ ਵੈੱਬਸਾਈਟ 'ਤੋਂ ਮੌਸਮ ਦੀ ਤਾਜ਼ਾ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ। ਲੋਕ ਪੂਰਵ ਅਨੁਮਾਨ ਦੇ ਅਨੁਸਾਰ ਆਪਣੀਆਂ ਰੋਜ਼ਾਨਾ ਦੀਆਂ ਗਤੀਵਿਧੀਆਂ ਦੀ ਯੋਜਨਾ ਬਣਾਉਣ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ, ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਅਤੇ ਨੇਹਾ ਭੰਡਾਰੀ ਨੇ ਦੱਸਿਆ ਕਿ ਹੀਟ ਸਟਰੋਕ ਲਈ ਨਵਜੰਮੇ ਬੱਚੇ, ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਵੱਧ ਉਮਰ ਦੇ ਬਜ਼ੁਰਗ, ਮਜ਼ਦੂਰ, ਮੋਟਾਪੇ ਤੋਂ ਪੀੜਤ ਵਿਅਕਤੀ ਵਧੇਰੇ ਜ਼ੋਖਮ 'ਤੇ ਹੁੰਦੇ ਹਨ। ਉਨ੍ਹਾਂ ਦੱਸਿਆ ਕਿ ਘਰ ਤੋਂ ਬਾਹਰ ਦੇ ਕੰਮ ਦਿਨ ਦੇ ਠੰਡੇ ਸਮੇਂ, ਜਿਵੇਂ ਕਿ ਸਵੇਰ ਅਤੇ ਸ਼ਾਮ ਵਿੱਚ ਕੀਤੇ ਜਾਣੇ ਚਾਹੀਦੇ ਹਨ। ਪਿਆਸ ਨਾ ਲੱਗਣ 'ਤੇ ਵੀ ਹਰ ਅੱਧੇ ਘੰਟੇ ਬਾਅਦ ਪਾਣੀ ਪੀਣਾ ਯਕੀਨੀ ਬਣਾਉਣਾ ਚਾਹੀਦਾ ਹੈ। ਮਿਰਗੀ ਜਾਂ ਦਿਲ ਦੀ ਬਿਮਾਰੀ, ਗੁਰਦੇ ਜਾਂ ਜਿਗਰ ਦੀ ਬਿਮਾਰੀ ਵਾਲੇ ਲੋਕ ਜੋ ਤਰਲ-ਪ੍ਰਤੀਬੰਧਿਤ ਖੁਰਾਕ 'ਤੇ ਹਨ, ਉਨ੍ਹਾਂ ਨੂੰ ਪਾਣੀ ਦੀ ਮਾਤਰਾ ਵਧਾਉਣ ਤੋਂ ਪਹਿਲਾਂ ਡਾਕਟਰ ਨਾਲ ਸਲਾਹ ਕਰਨੀ ਚਾਹੀਦੀ ਹੈ। ਬਾਹਰ ਕੰਮ ਕਰਦੇ ਸਮੇਂ ਹਲਕੇ ਰੰਗ ਦੇ ਪੂਰੀਆਂ ਬਾਹਾਂ ਵਾਲੇ ਕੱਪੜੇ ਪਾਓ। ਕੋਸ਼ਿਸ਼ ਕਰੋ ਕਿ ਗਰਮੀਆਂ ਵਿੱਚ ਸਿਰਫ਼ ਸੂਤੀ ਕੱਪੜੇ ਹੀ ਪਹਿਨੇ ਜਾਣ। ਉਨ੍ਹਾਂ ਕਿਹਾ ਕਿ ਸਿੱਧੀ ਧੁੱਪ ਤੋਂ ਆਪਣੇ ਸਿਰ ਨੂੰ ਢੱਕਣ ਲਈ ਛੱਤਰੀ, ਟੋਪੀ, ਤੌਲੀਆ, ਪੱਗ ਜਾਂ ਦੁਪੱਟੇ ਦੀ ਵਰਤੋਂ ਕਰੋ। ਨੰਗੇ ਪੈਰੀਂ ਬਾਹਰ ਨਾ ਨਿਕਲੋ, ਧੁੱਪ ਵਿਚ ਬਾਹਰ ਜਾਣ ਵੇਲੇ ਹਮੇਸ਼ਾ ਜੁੱਤੀ ਜਾਂ ਚੱਪਲਾਂ ਪਾਓ। ਧੁੱਪ ਵਿਚ ਕੰਮ ਕਰਨ ਵਾਲੇ ਲੋਕਾਂ ਨੂੰ ਸਰੀਰ ਦਾ ਤਾਪਮਾਨ ਸਹੀ ਬਰਕਰਾਰ ਰੱਖਣ ਲਈ ਛਾਂ ਵਿਚ ਆਰਾਮ ਕਰਨਾ ਚਾਹੀਦਾ ਹੈ ਜਾਂ ਸਿਰ 'ਤੇ ਗਿੱਲਾ ਕੱਪੜਾ ਰੱਖਣਾ ਚਾਹੀਦਾ ਹੈ। ਧੁੱਪ ਵਿਚ ਨਿਕਲਦੇ ਸਮੇਂ ਹਮੇਸ਼ਾ ਪਾਣੀ ਨਾਲ ਰੱਖੋ। ਮੌਸਮੀ ਫਲ ਅਤੇ ਸਬਜ਼ੀਆਂ ਜਿਵੇਂ ਕਿ ਤਰਬੂਜ, ਸੰਤਰਾ, ਅੰਗੂਰ, ਖੀਰੇ ਦਾ ਸੇਵਨ ਕਰਨਾ ਚਾਹੀਦਾ ਹੈ, ਕਿਉਂਕਿ ਇੰਨ੍ਹਾਂ ਵਿਚ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ। ਗਰਮੀ ਅਤੇ ਲੂ ਤੋਂ ਬਚਣ ਲਈ ਵੱਧ ਤੋਂ ਵੱਧ ਪਾਣੀ ਪੀਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### "ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ"

# ਵਿਧਾਇਕ ਰਜਨੀਸ਼ ਦਹੀਯਾ ਨੇ ਵੱਖ-ਵੱਖ ਪਿੰਡਾਂ ਵਿਖੇ ਸਰਕਾਰੀ ਸਕੂਲਾਂ ਵਿੱਚ ਹੋਏ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ



**ਫ਼ਿਰੋਜ਼ਪੁਰ, 9 ਅਪ੍ਰੈਲ (ਸੁਖਮੰਦਰ ਸਿੰਘ ਸ਼ਾਤ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਰਾਜ ਵਿੱਚ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਨ ਸਬੰਧੀ ਕੀਤੇ ਵਾਅਦਿਆਂ ਨੂੰ ਸਾਕਾਰ ਕਰਨ ਲਈ ਕੀਤੇ ਗਏ ਵਿਕਾਸ ਕਾਰਜਾਂ ਦੀ ਲੜੀ ਵਿਚ ਪੰਜਾਬ ਸਰਕਾਰ ਵੱਲੋਂ "ਪੰਜਾਬ ਸਿੱਖਿਆ ਕ੍ਰਾਂਤੀ" ਪ੍ਰੋਗਰਾਮ ਤਹਿਤ ਫ਼ਿਰੋਜ਼ਪੁਰ ਦਿਹਾਤੀ ਹਲਕੇ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਨੂੰ ਅੰਤਰ ਰਾਸ਼ਟਰੀ ਵਿਦਿਅਕ ਅਦਾਰਿਆਂ ਦੇ ਪੱਧਰ ਦੇ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਸਮੇਤ ਹੋਰ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ ਹਨ। ਇਨ੍ਹਾਂ ਵਿਕਾਸ ਕਾਰਜਾਂ ਦੀ ਲੜੀ ਵਿਚ ਅੱਜ ਵਿਧਾਇਕ ਫਿਰੋਜ਼ਪੁਰ ਦਿਹਾਤੀ ਸ਼੍ਰੀ ਰਜਨੀਸ਼ ਦਹੀਯਾ ਨੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਸ਼ੇਰ ਖਾਂ, ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਸਾਂਦੇ ਹਾਸ਼ਮ ਅਤੇ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਲੂੰਬੜੀ ਵਾਲਾ ਵਿਖੇ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਡਾ. ਸਤਿੰਦਰ ਸਿੰਘ ਵੀ ਉਨ੍ਹਾਂ ਨਾਲ ਮੌਜੂਦ ਸਨ। ਇਸ ਮੌਕੇ ਸ਼੍ਰੀ ਰਜਨੀਸ਼ ਦਹੀਯਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਵਿੱਚ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਗਏ ਹਨ ਸਰਕਾਰੀ ਸਕੂਲਾਂ ਵਿਚ ਵਿਚ ਵਾਈ-ਫਾਈ ਇੰਟਰਨੈੱਟ ਕੁਨੈਕਸ਼ਨ, ਫਰਨੀਚਰ, ਪੀਣ ਵਾਲਾ ਸਾਫ਼ ਪਾਣੀ, ਲੜਕੀਆਂ ਅਤੇ ਲੜਕਿਆਂ ਲਈ ਵੱਖਰੇ ਪਖਾਨੇ ਸਮੇਤ ਸਾਰੀਆਂ ਜ਼ਰੂਰੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। ਇਸ ਤੋਂ ਇਲਾਵਾ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਦੀ ਸੁਰੱਖਿਆ ਵਿੱਚ ਵਾਧਾ ਕਰਦਿਆਂ ਸਕੂਲਾਂ ਵਿੱਚ ਚਾਰਦੀਵਾਰੀ ਦੀ ਉਸਾਰੀ ਕੀਤੀ ਗਈ ਹੈ ਜਾਂ ਮੁਰੰਮਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਵਿਦਿਆਰਥੀਆਂ ਲਈ ਨਵੇਂ ਕਲਾਸਰੂਮ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਦੇ ਆਰਾਮ ਅਤੇ ਤੰਦਰੁਸਤੀ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ, ਸਕੂਲਾਂ ਨੂੰ ਡਿਊਲ ਡੈਸਕ, ਮੇਜ਼ ਅਤੇ ਕੁਰਸੀਆਂ ਪ੍ਰਦਾਨ ਕੀਤੀਆਂ ਗਈਆਂ ਹਨ, ਜੋ ਹਰੇਕ ਵਿਦਿਆਰਥੀ ਦੇ ਸਿੱਖਣ ਲਈ ਇੱਕ ਸਾਜ਼ਗਾਰ ਮਾਹੌਲ ਨੂੰ ਯਕੀਨੀ ਬਣਾਉਂਦੀਆਂ ਹਨ। ਸਰਕਾਰੀ ਸਕੂਲਾਂ ਵਿੱਚ ਸਿੱਖਿਆ ਨੂੰ ਆਧੁਨਿਕ ਬਣਾਉਣ ਲਈ ਸਕੂਲਾਂ ਵਿੱਚ ਇੰਟਰਐਕਟਿਵ ਪੈਨਲਾਂ ਵਾਲੇ ਸਮਾਰਟ ਕਲਾਸਰੂਮ ਵੀ ਬਣਾਏ ਗਏ ਹਨ, ਜੋ ਕਿ ਸਿੱਖਿਆ ਖੇਤਰ ਵਿੱਚ ਤਕਨਾਲੋਜੀ ਨੂੰ ਵਰਤ ਕੇ ਵਿਦਿਆਰਥੀਆਂ ਵਿੱਚ ਸਿੱਖਣ ਦੇ ਰੁਝਾਨ ਅਤੇ ਦਿਲਚਸਪੀ ਨੂੰ ਹੋਰ ਮਜ਼ਬੂਤ ਕਰਦੇ ਹਨ। ਸਕੂਲਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਸਬੰਧੀ ਕੀਤੇ ਕਾਰਜਾਂ ਵਿੱਚ ਨਵੇਂ ਕਲਾਸਰੂਮ, ਚਾਰਦੀਵਾਰੀ, ਟਾਇਲਟ ਬਲਾਕ, ਪੀਣ ਵਾਲੇ ਸਵੱਛ ਪਾਣੀ ਦੀ ਸਹੂਲਤ, ਲਾਇਬ੍ਰੇਰੀਆਂ, ਖੇਡ ਦੇ ਮੈਦਾਨ, ਸਮਾਰਟ ਕਲਾਸਰੂਮ ਅਤੇ ਹੋਰ ਮਹੱਤਵਪੂਰਨ ਸੁਧਾਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਸਾਰੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਰਾਜ ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ। ਇਸ ਮੌਕੇ ਹਾਜ਼ਰ ਵਿਦਿਆਰਥੀਆਂ ਦੇ ਮਾਪਿਆਂ, ਪਿੰਡਾਂ ਦੇ ਲੋਕਾਂ ਅਤੇ ਅਧਿਆਪਕਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦਾ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਅਤੇ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਹੂਲਤਾਂ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਪਲਵਿੰਦਰ ਸਿੰਘ ਵਲੂਰ ਹਲਕਾ ਕੋਆਰਡੀਨੇਟਰ, ਰੋਬੀ ਸੰਧੂ ਪੀਏ ,ਸ਼ਾਮ ਸਿੰਘ ਮੁੱਦਕਾ, ਤਲਵਿੰਦਰ ਸਿੰਘ ਖਾਲਸਾ, ਮਨੀ ਸੰਧੂ, ਅਵਤਾਰ ਸਿੰਘ ਸਰਪੰਚ ਸ਼ੇਰਖਾਂ ਅਤੇ ਹਲਕਾ ਸਿੱਖਿਆ ਤਾਲਮੇਲ ਕਮੇਟੀ ਮੈਂਬਰ ਗੁਰਨੇਕ ਸਿੰਘ ਸਰਪੰਚ ਕੁੱਲਗੜ੍ਹੀ, ਸੁਖਦੀਪ ਸਿੰਘ ਸਰਪੰਚ ਉਗੋਕੇ, ਰਾਜਿੰਦਰ ਸਿੰਘ ਸਰਪੰਚ ਵਲੂਰ, ਹਰਨੇਕ ਸਿੰਘ ਸਰਪੰਚ ਗਡੋਡੂ, ਗੁਰਜੰਟ ਸਿੰਘ ਸਰਪੰਚ ਨਾਜੂ ਸ਼ਾਹ, ਮਾਸਟਰ ਜੋਰਾ ਸਿੰਘ, ਮਾਸਟਰ ਗੁਰਦੇਵ ਸਿੰਘ, ਸਰਬਜੀਤ ਧਾਲੀਵਾਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਬਲਾਕ ਪ੍ਰਧਾਨ ਜਰਮਨ ਉਦੋਨੰਗਲ ਦੇ ਘਰ ਪਹੁੰਚੇ ਮੰਤਰੀ ਈ.ਟੀ.ਓ., ਡਿਵੈਲਪਮੈਂਟ ਨੂੰ ਲੈ ਕੇ ਸਰਪੰਚਾਂ ਨਾਲ ਕੀਤੀ ਅਹਿਮ ਮੀਟਿੰਗ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 09 ਅਪ੍ਰੈਲ**-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਆਪਣੇ ਜੱਦੀ ਹਲਕਾ ਜੰਡਿਆਲਾ ਗੁਰੂ ਦੇ ਸਰਕਲ ਮਹਿਤਾ ਨਾਲ ਸਬੰਧਤ ਬਲਾਕ ਪ੍ਰਧਾਨ ਜਰਮਨ ਉਦੋਨੰਗਲ ਦੇ ਗ੍ਰਹਿ ਵਿਖੇ ਉਚੇਚੇ ਤੌਰ ਤੇ ਪਹੁੰਚੇ। ਉਨਾਂ ਦੇ ਨਾਲ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਅਜੈ ਗਾਂਧੀ (ਸਰਪੰਚ ਮਹਿਤਾ ਚੌਕ), ਬਲਜੀਤ ਸਿੰਘ ਚਾਹਲ (ਜੁਆਇੰਟ ਸੈਕਟਰੀ ਪੰਜਾਬ) ਅਤੇ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ ਵੀ ਮੌਜੂਦ ਸਨ। ਇਥੇ ਪ੍ਰਧਾਨ ਜਰਮਨ ਦੀ ਅਗਵਾਈ ਵਿੱਚ ਇਕੱਤਰ ਹੋਏ ਸਰਪੰਚਾਂ ਅਤੇ ਹੋਰ ਮੁਹਤਬਰ ਵਿਅਕਤੀਆਂ ਨਾਲ ਜਿੱਥੇ ਉਨਾਂ ਨੇ ਪਿੰਡਾਂ ਦੀ ਡਿਵੈਲਪਮੈਂਟ ਨੂੰ ਲੈ ਕੇ ਵਿਚਾਰ ਚਰਚਾ ਕੀਤੀ, ਉਥੇ ਹੀ ਇਨਾਂ ਸਰਪੰਚਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਅਤੇ ਤੁਰੰਤ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਰਾਬਤਾ ਕਰਕੇ ਮੁਸ਼ਕਲਾਂ ਨੂੰ ਸੁਲਝਾਇਆ। ਉਨਾਂ ਨੇ ਸਰਪੰਚਾਂ ਨੂੰ ਆਖਿਆ ਕਿ ਪੰਜਾਬ ਸਰਕਾਰ ਨੇ ਪਿੰਡਾਂ ਦੇ ਛੱਪੜਾਂ ਦੀ ਸਾਫ ਸਫਾਈ ਅਤੇ ਹੋਰ ਮੁਢਲੀਆਂ ਸਹੂਲਤਾਂ ਦੇ ਲਈ ਰਾਖਵੀਂ ਰਾਸ਼ੀ ਰੱਖੀ ਹੈ, ਸੋ ਤੁਸੀਂ ਸਾਰੇ ਇਸ ਮੌਕੇ ਦਾ ਫਾਇਦਾ ਲਵੋ ਅਤੇ ਆਪਣੇ ਪਿੰਡਾਂ ਵਿੱਚੋਂ ਗੰਦੇ ਪਾਣੀ ਦੀ ਸਮੱਸਿਆ ਤੇ ਕੂੜੇ ਦੀ ਸਮੱਸਿਆ ਦਾ ਮੁਕੰਮਲ ਹੱਲ ਕਰੋ। ਉਨਾਂ ਕਿਹਾ ਕਿ ਪਿੰਡਾਂ ਨੂੰ ਸੋਹਣਾ ਅਤੇ ਖੁਸ਼ਹਾਲ ਬਣਾਉਣਾ ਸਾਡੀ ਸਾਰਿਆਂ ਦੀ ਜਿੰਮੇਵਾਰੀ ਹੈ, ਇਸ ਲਈ ਆਓ ਸਾਰੇ ਮਿਲ ਕੇ ਕੰਮ ਕਰੀਏ। ਇਸ ਦੌਰਾਨ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਬਲਾਕ ਪ੍ਰਧਾਨ ਜਰਮਨ ਉਦੋਨੰਗਲ, ਬਲਾਕ ਪ੍ਰਧਾਨ ਅਜੈ ਗਾਂਧੀ, ਬਲਜੀਤ ਸਿੰਘ ਚਾਹਲ (ਜੁਆਇੰਟ ਸੈਕਟਰੀ ਪੰਜਾਬ) ਅਤੇ ਸਮੂਹ ਸਰਪੰਚਾਂ ਦੇ ਵੱਲੋਂ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਮਰਜੀਤ ਸਿੰਘ ਭੋਲਾ, ਕੇਵਲ ਸਿੰਘ, ਸਵਰਨ ਸਿੰਘ ਮੰਡੀ ਬੋਰਡ, ਭਗਤ ਸਿੰਘ ਪਰਜਾਪਤ (ਸਾਰੇ ਪੰਚ), ਹਲਕਾ ਕੁਆਰਡੀਨੇਟਰ ਜੁਗਰਾਜ ਸਿੰਘ, ਸੀਨੀਅਰ ਆਗੂ ਦਇਆ ਸਿੰਘ ਮਹਿਤਾ, ਸਰਪੰਚ ਹਰਪ੍ਰੀਤ ਸਿੰਘ ਦੀਪੂ ਉਦੋਨੰਗਲ ਖੁਰਦ, ਸਰਪੰਚ ਮਨਜੀਤ ਸਿੰਘ ਫੌਜੀ ਮਲਕ ਨੰਗਲ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਸਰਪੰਚ ਪਲਵਿੰਦਰ ਸਿੰਘ ਨੰਗਲੀ ਖੁਰਦ, ਸਰਪੰਚ ਰਣਜੀਤ ਸਿੰਘ ਸੰਤ ਗੁਰਬਚਨ ਸਿੰਘ ਨਗਰ (ਮਹਿਤਾ), ਸਰਪੰਚ ਗੁਰਵੇਲ ਸਿੰਘ ਜਲਾਲ, ਸਰਪੰਚ ਮਾ. ਦਿਲਬਾਗ ਸਿੰਘ ਦਿਆਲਗੜ, ਨਿਸ਼ਾਨ ਸਿੰਘ ਗੋਲਡੀ, ਐਸ.ਐਚ.ਓ. ਸਮਸ਼ੇਰ ਸਿੰਘ ਮਹਿਤਾ, ਐਸ.ਡੀ.ਓ. ਰਵਿੰਦਰ ਸਿੰਘ, ਰਾਜਵਿੰਦਰ ਸਿੰਘ ਲਾਡੀ, ਦਵਿੰਦਰ ਸਿੰਘ ਨੰਗਲੀ ਕਲਾਂ, ਜਸਕਰਨ ਸਿੰਘ ਮਹਿਤਾ, ਰਾਜੂ ਮਹਿਤਾ ਤੇ ਜੋਗਾ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ★ ਅਸ਼ੀਰਵਾਦ ★



ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਭਾਣਜੇ ਸ, ਗੁਰਿੰਦਰਪਾਲ ਸਿੰਘ ਭਾਟੀਆ ਮੀਤ ਮੈਨੇਜਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਸਪੁੱਤਰ ਸ, ਅਰਸਪਰੀਤ ਸਿੰਘ ਸਾਹਿਬ ਭਾਟੀਆ ਦੇ ਵਿਆਹ ਸਮਾਗਮ ਵਿੱਚ ਜੌੜੀ ਨੂੰ ਅਸ਼ੀਰਵਾਦ ਦਿੰਦੇ ਹੋਏ ਸਾਬਕਾ ਕੈਬਨਿਟ ਮੰਤਰੀ ਸ, ਬਲਵੀਰ ਸਿੰਘ ਬਾਠ ਸੰਤ ਬਾਬਾ ਸੁਖਵਿੰਦਰ ਸਿੰਘ ਸੰਪਰਦਾਇ ਮਾਲਕਪੁਰ ਵਾਲੇ, ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਅਤੇ ਹੋਰ ਸੀਨੀਅਰ ਆਗੂ। (ਫੋਟੋ/ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV





## ਵਰ੍ਹੇਗੰਢ ਦੀਆਂ ਮੁਬਾਰਕ

ਪ੍ਰਧਾਨ ਗੁਰਜਿੰਦਰ ਸਿੰਘ ਕੁਹਾਟਵਿੰਡ ਨੇ ਆਪਣੇ ਵਿਆਹ ਦੀ 11 ਵੀਂ ਵਰ੍ਹੇਗੰਢ ਮਨਾਈ (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਖ਼ਾਲਸਾ ਸਾਜਨਾਂ ਦਿਵਸ 'ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਵਾਲੀ ਅਕਾਲੀ ਦਲ ਵਾਰਿਸ ਪੰਜਾਬ ਦੀ

# ਪੰਥਕ ਕਾਨਫਰੰਸ ਵਿੱਚ ਹੋਵੇਗਾ ਬੇਮਿਸਾਲ ਇਕੱਠ : ਅਮਨਦੀਪ ਸਿੰਘ ਡੱਡੂਆਣਾਂ, ਸ਼ਮਸ਼ੇਰ ਸਿੰਘ ਪੱਧਰੀ




**ਅੰਮ੍ਰਿਤਸਰ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਤੇ ਸ਼ੁਭ ਦਿਹਾੜੇ ਨੂੰ ਸਮਰਪਿਤ 13 ਅਪ੍ਰੈਲ 2025 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਆਯੋਜਿਤ ਕੀਤੀ ਜਾ ਰਹੀ ਪੰਥਕ ਕਾਨਫਰੰਸ ਨੂੰ ਇਤਿਹਾਸਕ ਤੇ ਕਾਮਯਾਬ ਬਣਾਉਣ ਲਈ ਤਿਆਰੀਆਂ ਪੂਰੇ ਜੋਰ-ਸ਼ੋਰ ਨਾਲ ਸ਼ੁਰੂ ਹੋ ਚੁੱਕੀਆਂ ਹਨ। ਇਸ ਮਹਾਨ ਉਦੇਸ਼ ਦੀ ਪੂਰਤੀ ਲਈ, ਅੱਜ ਅੰਮ੍ਰਿਤਸਰ ਸ਼ਹਿਰ ਵਿੱਚ ਇੱਕ ਵਿਸ਼ੇਸ਼ ਸ਼ਹਿਰੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਜਿਲਾ ਅਬਜ਼ਰਵਰ ਭਾਈ ਅਮਨਦੀਪ ਸਿੰਘ ਡੱਡੂਆਣਾਂ, ਕਾਰਜਕਾਰੀ ਮੈਂਬਰ ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਯਾ ਸਿੰਘ ਜੀ, ਭਾਈ ਸਵਰਨ ਸਿੰਘ ਜੀ ਗੋਲਡਨ, ਭਾਈ ਬਲਜੀਤ ਸਿੰਘ ਜੀ ਚਾਟੀਵਿੰਡ ਤੇ ਉਹਨਾਂ ਦੇ ਸਾਥੀ, ਭਾਈ ਸੋਨਾ ਸਿੰਘ ਜੀ ਸ਼ਹੂਰਾ, ਭਾਈ ਸੁਖਬੀਰ ਸਿੰਘ ਜੀ ਚੀਮਾਂ, ਭਾਈ ਰਘੁਬੀਰ ਸਿੰਘ ਜੀ ਭੁੱਚਰ, ਭਾਈ ਅਜੈ ਸਿੰਘ ਜੀ, ਭਾਈ ਹਰਿੰਦਰਪਾਲ ਸਿੰਘ ਜੀ ਬਾਗੀ, ਭਾਈ ਕੁਲਵਿੰਦਰ ਸਿੰਘ ਜੀ ਗੁਰੂ ਕੀ ਵਡਾਲੀ, ਡਾਕਟਰ ਅਤੁੱਲ ਜੀ, ਅਮਨਪ੍ਰੀਤ ਸਿੰਘ, ਸੁਖਪ੍ਰੀਤ ਸਿੰਘ ਹਜਰਾਂ, ਜਸਪਾਲ ਸਿੰਘ ਸਾਹਬੀ, ਬਾਬਾ ਕੰਵਲਜੀਤ ਸਿੰਘ, ਜਗੀਰ ਸਿੰਘ, ਲਖਵਿੰਦਰ ਸਿੰਘ, ਭਾਈ ਪਰਮਜੀਤ ਸਿੰਘ, ਦਲੀਪ ਸਿੰਘ ਚਾਟੀਵਿੰਡ, ਮੇਜਰ ਸਿੰਘ ਚਾਟੀਵਿੰਡ, ਕਰਨੈਲ ਸਿੰਘ ਚਾਟੀਵਿੰਡ, ਡਾਕਟਰ ਦਲਬੀਰ ਸਿੰਘ ਅਤੇ ਹੋਰ ਵਰਕਰ ਸਾਹਿਬਾਨ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੀ ਭਾਗੀਦਾਰੀ ਅਤੇ ਇੱਕਮੁੱਠਤਾ ਦਾ ਸਬੂਤ ਦਿੱਤਾ। ਇਸ ਮੀਟਿੰਗ ਦੌਰਾਨ ਆਗੂਆਂ ਨੇ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ 13 ਅਪ੍ਰੈਲ ਦੀ ਇਹ ਪੰਥਕ ਕਾਨਫਰੰਸ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਖ਼ਾਲਸਾ ਪੰਥ ਦੀ ਅਟੁੱਟ ਏਕਤਾ ਅਤੇ ਸ਼ਕਤੀ ਦਾ ਪ੍ਰਤੀਕ ਬਣੇਗੀ। ਇਸ ਦੇ ਨਾਲ ਹੀ ਮੀਟਿੰਗ ਵਿੱਚ ਹਾਜਰ ਆਏ ਮੈਂਬਰਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਮੂਹ ਨਿਰਦੋਸ਼ ਸਿੱਖ ਕੈਦੀਆਂ ਦੀ ਰਿਹਾਈ ਸਬੰਧੀ ਵਿਚਾਰਾਂ ਕੀਤੀਆ। ਮੀਟਿੰਗ ਵਿੱਚ ਸ਼ਾਮਲ ਆਗੂਆਂ ਅਤੇ ਵਰਕਰਾਂ ਨੇ ਇੱਕ ਸੁਰ ਵਿੱਚ ਅਪੀਲ ਕੀਤੀ ਕਿ ਸਰਬੱਤ ਪੰਥਕ ਪਿਆਰੇ 13 ਅਪ੍ਰੈਲ 2025 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਇਸ ਇਤਿਹਾਸਕ ਮੌਕੇ ਨੂੰ ਖ਼ਾਲਸਾ ਪੰਥ ਦੇ ਸਰਬ-ਸੰਮਤ ਇਕੱਠ ਵਜੋਂ ਦਰਜ ਕਰਵਾਉਣ। ਇਹ ਸਮਾਗਮ ਸਿੱਖ ਕੌਮ ਦੀ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਮਿਸਾਲ ਬਣੇਗਾ ਅਤੇ ਪੰਥਕ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਨਾਲ ਲਿਖਿਆ ਜਾਵੇਗਾ। ਅਕਾਲੀ ਦਲ ਵਾਰਿਸ ਪੰਜਾਬ ਦੇ ਨੁਮਾਇੰਦਿਆਂ ਨੇ ਆਪਣੇਂ ਵਿਚਾਰ ਰੱਖਦਿਆਂ ਇਹ ਵੀ ਕਿਹਾ ਕਿ ਇਹ ਕਾਨਫਰੰਸ ਸਿੱਖ ਸੰਘਰਸ਼ ਦੀ ਨਵੀਂ ਲਹਿਰ ਦੀ ਸੂਤਰਧਾਰ ਬਣੇਗੀ, ਜਿਸ ਵਿੱਚ ਖ਼ਾਲਸਾ ਪੰਥ ਦੀ ਏਕਤਾ ਅਤੇ ਸ਼ਕਤੀ ਨੂੰ ਨਵਾਂ ਰੰਗ ਅਤੇ ਨਵੀਂ ਦਿਸ਼ਾ ਮਿਲੇਗੀ। ਅੰਤ ਵਿੱਚ, ਸਮੂਹ ਮੈਂਬਰਾਂ ਨੇ ਇੱਕ ਸਾਂਝੇ ਸੰਕਲਪ ਨਾਲ ਇਹ ਪ੍ਰਣ ਲਿਆ ਕਿ 13 ਅਪ੍ਰੈਲ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਵਾਲਾ ਇਹ ਇਕੱਠ ਸਿਰਫ਼ ਇੱਕ ਸਮਾਗਮ ਨਹੀਂ ਹੋਵੇਗਾ, ਸਗੋਂ ਖ਼ਾਲਸਾ ਪੰਥ ਦੇ ਗੌਰਵਮਈ ਇਤਿਹਾਸ ਨੂੰ ਨਵੇਂ ਸਿਰੇ ਤੋਂ ਜਗਾਉਣ ਅਤੇ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਇੱਕ ਮਜ਼ਬੂਤ ਆਧਾਰ ਬਣੇਗਾ। ਉਹਨਾਂ ਕਿਹਾ ਕਿ ਆਓ, ਇਸ 13 ਅਪ੍ਰੈਲ ਨੂੰ ਅਸੀਂ ਸਾਰੇ ਮਿਲ ਕੇ ਇੱਕ ਨਵੀਂ ਤੇ ਸ਼ਕਤੀਸ਼ਾਲੀ ਲਹਿਰ ਖੜ੍ਹੀ ਕਰੀਏ।

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 13 ਅਪ੍ਰੈਲ ਦੀ ਪੰਥਕ ਕਾਨਫਰੰਸ ਦੀਆਂ ਤਿਆਰੀਆਂ ਸ਼ੁਰੂ**

ਆਵਾਜ਼ਿ ਕੌਮ AWAZE QAUM International Newspaper & WEB TV

ਸੂਬਾ ਸਰਕਾਰ ਸਕੂਲਾਂ 'ਚ ਆਧੁਨਿਕ ਸਿੱਖਿਆ ਦੇਣ ਲਈ ਕਰ ਰਹੀ ਹੈ ਕ੍ਰਾਤੀਕਾਰੀ ਪਹਿਲਕਦਮੀਆਂ- ਪ੍ਰੋ. ਬਲਜਿੰਦਰ ਕੌਰ

# ਵੱਖ-ਵੱਖ ਪਿੰਡਾਂ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ




**ਤਲਵੰਡੀ ਸਾਬੋ, 9 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਕ੍ਰਾਤੀਕਾਰੀ ਪਹਿਲਕਦਮੀਆਂ ਕਰ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਚੀਫ ਵਿੱਪ ਅਤੇ ਤਲਵੰਡੀ ਸਾਬੋ ਦੇ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਭਗਵਾਨਗੜ੍ਹ ਭੁਖਿਆਂਵਾਲੀ ਦੇ ਸਰਕਾਰੀ ਹਾਈ ਸਕੂਲ ਵਿਖੇ ਕਰਵਾਏ ਗਏ "ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਸਮਾਗਮ 'ਚ ਸ਼ਿਰਕਤ ਕਰਨ ਮੌਕੇ ਕੀਤਾ। ਇਸ ਦੌਰਾਨ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ। ਇਸ ਮੌਕੇ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਸਿੱਖਿਆ ਦੇ ਖੇਤਰ 'ਚ ਅਹਿਮ ਪਹਿਲਕਦਮੀਆਂ ਕਰ ਰਹੀ ਹੈ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਅਤੇ ਉਨ੍ਹਾਂ ਨੂੰ ਸਵੈ ਰੋਜਗਾਰ ਦੇ ਕਾਬਿਲ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ। ਉਨ੍ਹਾਂ ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕਿਹਾ ਕਿ ਜੋ-ਜੋ ਵਾਅਦੇ ਪੰਜਾਬ ਸਰਕਾਰ ਨੇ ਆਮ ਲੋਕਾਂ ਨਾਲ ਕੀਤੇ ਉਨ੍ਹਾਂ 'ਤੇ ਖਰੀ ਉਤਰੀ ਹੈ। ਇਸ ਦੌਰਾਨ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵਲੋਂ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾ/ਸ਼ਹਿਰਾਂ ਅੰਦਰ ਖੇਡ ਗਰਾਉਂਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ। ਇਸ ਉਪਰੰਤ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਪਿੰਡ ਮਾਨਵਾਲਾ, ਕੋਟਬਖਤੂ, ਬੰਗੀ ਨਿਹਾਲ ਸਿੰਘ ਵਾਲਾ ਅਤੇ ਪਿੰਡ ਬੰਗੀ ਕਲਾਂ ਦੇ ਸਕੂਲ ਦੇ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ। ਇਸ ਮੌਕੇ ਵਿਧਾਇਕ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਤੋਂ ਸਖਤ ਮਿਹਨਤ ਕਰਨ ਤਾਂ ਮਿੱਥੇ ਟੀਚੇ ਨੂੰ ਸਰ ਕਰ ਸਕਣ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ। ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਸਰਕਾਰ ਯੂਥ ਕਲੱਬਾਂ ਲਈ ਮੁਹੱਈਆ ਕਰਵਾਵੇ ਵਿਸ਼ੇਸ਼ ਫੰਡ- ਗੁਰਬਾਜ਼ ਸਿੰਘ ਸਿੱਧੂ





**ਤਲਵੰਡੀ ਸਾਬੋ, 08 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪਿੰਡਾਂ ਦੇ ਯੂਥ ਅਤੇ ਸਪੋਰਟਸ ਕਲੱਬ ਅਹਿਮ ਭੂਮਿਕਾ ਅਦਾ ਕਰ ਰਹੇ ਹਨ ਇਸਲਈ ਜੇਕਰ ਪੰਜਾਬ ਸਰਕਾਰ ਸਚਮੁੱਚ ਖਿਡਾਰੀਆਂ ਜਾਂ ਖੇਡਾਂ ਨੂੰ ਉਤਸ਼ਾਹਿਤ ਕਰਨ ਪ੍ਰਤੀ ਦਿਲਚਸਪੀ ਰੱਖਦੀ ਹੈ ਤਾਂ ਉਸਨੂੰ ਚਾਹੀਦੈ ਕਿ ਉਹ ਉਕਤ ਕਲੱਬਾਂ ਨੂੰ ਵਿਸ਼ੇਸ ਫੰਡ ਮੁਹੱਈਆ ਕਰਵਾਵੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਪਿੰਡ ਮਾਹੀਨੰਗਲ ਵਿਖੇ ਅੱਠਵੇਂ ਬਰੈਂਡ ਕ੍ਰਿਕੇਟ ਕੱਪ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਉਪਰੰਤ ਗੱਲਬਾਤ ਦੌਰਾਨ ਕੀਤਾ। ਬਾਬਾ ਗੋਪਾਲ ਦਾਸ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਉਕਤ ਕ੍ਰਿਕੇਟ ਕੱਪ 'ਚ ਪਹੁੰਚ ਕੇ ਗੁਰਬਾਜ਼ ਸਿੰਘ ਸਿੱਧੂ ਵੱਖੋ ਵੱਖ ਟੀਮਾਂ ਦੇ ਖਿਡਾਰੀਆਂ ਦੇ ਰੂ-ਬ-ਰੂ ਹੋਏ ਆਪਣੇ ਸੰਬੋਧਨ 'ਚ ਉਨਾਂ ਨੇ ਉਕਤ ਖੇਡ ਆਯੋਜਨ ਲਈ ਸਮੁੱਚੇ ਟੂਰਨਾਮੈਂਟ ਪ੍ਰਬੰਧਕਾਂ ਦੀ ਸ਼ਲ਼ਾਘਾ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਕਿ ਨੌਜਵਾਨਾਂ/ਬੱਚਿਆਂ ਨੂੰ ਖੇਡਾਂ ਨਾਲ ਜੋੜਿਆ ਜਾਵੇ ਤਾਂਕਿ ਇੱਕ ਤੰਦਰੁਸਤ ਸਮਾਜ ਦੀ ਸਿਰਜਨਾ ਕੀਤੀ ਜਾ ਸਕੇ।ਇਸ ਮੌਕੇ ਕਲੱਬ ਪ੍ਰਧਾਨ ਜਸਵੀਰ ਸਿੰਘ ਮਾਨਸ਼ਾਹੀਆ, ਮੀਤ ਪ੍ਰਧਾਨ ਜੱਗਾ ਖਰਾ, ਸਰਪ੍ਰਸਤ ਰਾਜੂ ਸਿੰਘ ਸਿੱਧੂ, ਖਜ਼ਾਨਚੀ ਸਿਮਰਨਜੀਤ ਸਿੰਘ ਮਾਨ ਸਮੇਤ ਹੋਰਨਾਂ ਪ੍ਰਬੰਧਕਾਂ ਨੇ ਗੁਰਬਾਜ਼ ਸਿੰਘ ਸਿੱਧੂ ਦਾ ਟੂਰਨਾਮੈਂਟ 'ਚ ਪਹੁੰਚਣ 'ਤੇ ਧੰਨਵਾਦ ਕੀਤਾ ਜਦੋਂਕਿ ਸਿੱਧੂ ਨੇ ਇਸ ਮੌਕੇ ਕਲੱਬ ਨੂੰ ਆਰਥਿਕ ਸਹਾਇਤਾ ਵੀ ਭੇਟ ਕੀਤੀ। ਟੂਰਨਾਮੈਂਟ ਉਪਰੰਤ ਇੱਥੇ ਗੱਲਬਾਤ ਕਰਦਿਆਂ ਸਿੱਧੂ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਜ਼ਰੂਰੀ ਹੈ ਕਿ ਪਿੰਡਾਂ ਦੇ ਯੂਥ ਕਲੱਬਾਂ ਅਤੇ ਸਪੋਰਟਸ ਕਲੱਬਾਂ ਨੂੰ ਮਜ਼ਬੂਤ ਬਣਾਇਆ ਜਾਵੇ ਅਤੇ ਇਹ ਤਾਂ ਹੀ ਸੰਭਵ ਹੈ ਜੇਕਰ ਸਰਕਾਰ ਉਨਾਂ ਲਈ ਵਿਸ਼ੇਸ ਫੰਡ ਉਪਲੱਬਧ ਕਰਵਾਵੇ ਤਾਂਕਿ ਕਲੱਬ ਪਿੰਡਾਂ 'ਚ ਨੌਜਵਾਨਾਂ ਨੂੰ ਲੋੜੀਂਦਾ ਖੇਡ ਢਾਂਚਾ ਮੁਹੱਈਆ ਕਰਵਾ ਸਕਣ। ਸਿੱਧੂ ਨਾਲ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਕੇਵਲ ਸਿੰਘ ਮਾਹੀਨੰਗਲ, ਕ੍ਰਿਸ਼ਨ ਯਾਦਵ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸ਼ਵ ਭਾਈ ਮਰਦਾਨਾ ਸੋਸਾਇਟੀ ਦਾ ਜਥਾ ਜਗਜੀਤ ਸਿੰਘ ਭੁੱਲਰ ਦੀ ਅਗਵਾਈ ਵਿਚ ਨਨਾਕਾਣਾ ਸਾਹਿਬ ਰਵਾਨਾ



ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ) :— ਨਨਕਾਣਾ ਸਾਹਿਬ ਵਿਸਾਖੀ ਮਨਾਉਣ ਲਈ ਜਥਾ 10 ਅਪ੍ਰੈਲ ਨੂੰ ਅਟਾਰੀ ਵਾਹਗਾ ਬਾਰਡਰ ਰਾਹੀ ਜਾਵੇਗਾ, ਵਿਸ਼ਵ ਭਾਈ ਮਰਦਾਨਾ ਸੋਸਾਇਟੀ ਦੇ ਜਥੇ ਦੀ ਅਗਵਾਈ ਜਗਜੀਤ ਸਿੰਘ ਭੁੱਲਰ ਕਰਣਗੇ। ਇਸ ਗਲ ਦੀ ਜਾਣਕਾਰੀ ਦਿੰਦੇ ਹੋਏ ਸੋਸਾਇਟੀ ਆਗੂ ਹਰਜੀਤ ਸਿੰਘ ਧਾਲੀਵਾਲ ਨੇ ਆਖਿਆ ਕਿ ਸੋਸਾਇਟੀ ਨੂੰ ਪਾਕਿਸਤਾਨ ਹਾਈ ਕਮਿਸ਼ਨਰ ਵਲੋ 694 ਵਿਚੋ 694 ਵੀਜੇ ਦਿਤੇ ਗਏ ਸਨ ਇਹ ਜਥਾ ਸੋਸਾਇਟੀ ਪ੍ਰਧਾਨ ਜਗਜੀਤ ਸਿੰਘ ਭੁੱਲਰ ਦੀ ਅਗਵਾਈ ਵਿਚ ਜਾਵੇਗਾ। ਇਸ ਵਾਰ ਸੰਗਤ ਜਿਆਦਾ ਹੋਣ ਕਰਕੇ ਜਥਾ ਦੋ ਗਰੁੱਪਾਂ ਵਿਚ ਵੰਡਕੇ ਜਾਵੇਗਾ 3250 ਯਾਤਰੀ ਪਹਿਲਾ ਪੰਜਾ ਸਾਹਿਬ ਜਾਣਗੇ ਬਾਕੀ 3250 ਯਾਤਰੀ ਕਰਤਾਰਪੁਰ ਸਾਹਿਬ ਜਾਣਗੇ। ਸਾਰੇ ਯਾਤਰੂ 13 ਅਪ੍ਰੈਲ ਸ਼ਾਮ ਨੂੰ ਨਨਕਾਣਾ ਸਾਹਿਬ ਇਕਠੇ ਹੋਣਗੇ। ਮੁੱਖ ਪ੍ਰੋਗਰਾਮ ਪੰਜਾ ਸਾਹਿਬ ਦੀ ਬਜਾਏ ਨਨਾਕਣਾ ਸਾਹਿਬ ਹੋਵੇਗਾ। ਜਥਾ 19 ਅਪ੍ਰੈਲ ਨੂੰ ਭਾਰਤ ਵਾਪਸ ਪਰਤ ਆਵੇਗਾ। ਜਥੇ ਨਾਲ ਸੋਸਾਇਟੀ ਦੇ ਪੁਰਣੇ ਮੈਬਂਰ ਦਰਸ਼ਨ ਲਾਲ ਹੀਰਾ ਵੀ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬੈਲਜੀਅਮ ਵਿਖੇ ਵਿਸਾਖੀ ਪੁਰਬ ਨੂੰ ਸਮਰਪਿਤ

# ਨਗਰ ਕੀਰਤਨ ਸਜਾਇਆ ਗਿਆ



**ਨਵੀਂ ਦਿੱਲੀ 9 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਖਾਲਸਾ ਪੰਥ ਦੇ ਸਾਜਨਾ ਦਿਵਸ ਵਿਸਾਖੀ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਬੈਲਜੀਅਮ ਦੇ ਸਿੰਤਰੁਦਨ ਗੁਰਦੁਆਰਾ ਸੰਗਤ ਸਾਹਿਬ ਤੋ ਸਜਾਇਆ ਗਿਆ । ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਕਰਮ ਸਿੰਘ ਨੇ ਦਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਰ੍ਹੇ ਵੀ ਗੁਰਦੁਆਰਾ ਸੰਗਤ ਸਾਹਿਬ ਤੋ ਸਵੇਰੇ ਚਵਰ ਤਖਤ ਦੇ ਮਾਲਿਕ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਅਧੀਨ ਨਗਰ ਕੀਰਤਨ ਸਜਾਇਆ ਗਿਆ ਜੋ ਕਿ ਵੱਖ ਵੱਖ ਇਲਾਕਿਆ ਤੋ ਹੁੰਦਾ ਹੋਇਆ ਸ਼ਾਮ ਨੂੰ ਸੈਂਟਰਲ ਸਿੰਤਰੁਦਨ ਗੁਰਦੁਆਰਾ ਸਾਹਿਬ ਵਿਖ਼ੇ ਸਮਾਪਤ ਹੋਇਆ ਸੀ । ਉਨ੍ਹਾਂ ਦਸਿਆ ਕਿ ਨਗਰ ਕੀਰਤਨ ਵਿਚ ਵੱਖ ਵੱਖ ਗੱਤਕਾ ਦਲਾਂ ਨੇ ਗੱਤਕੇ ਦੇ ਜੌਹਰ ਦਿਖਾਏ, ਕੀਰਤਨੀ ਜਥੇਆਂ ਨੇ ਗੁਰਬਾਣੀ ਦੇ ਇਲਾਹੀ ਕੀਰਤਨ ਕਰਦਿਆਂ ਸੰਗਤਾਂ ਨੂੰ ਆਪਣੇ ਨਾਲ ਜੋੜੀ ਰੱਖਿਆ ਸੀ ਤੇ ਨਗਰ ਕੀਰਤਨ ਦੇ ਰਸਤੇ ਵਿਚ ਸੰਗਤਾਂ ਨੇ ਵੱਡੇ ਉਤਸ਼ਾਹ ਨਾਲ ਖਾਣ ਪੀਣ ਦੇ ਵੱਖ ਵੱਖ ਸਟਾਲ ਲਗਾ ਕੇ ਆਪਣੀ ਸੇਵਾ ਨਿਭਾਈ ਸੀ । ਪ੍ਰਧਾਨ ਸਰਦਾਰ ਕਰਮ ਸਿੰਘ ਨੇ ਨਗਰ ਕੀਰਤਨ ਸਜਾਉਣ ਵਿਚ ਮਦਦ ਕਰਣ ਵਾਲੇ ਅਤੇ ਸੰਗਤਾਂ ਲਈ ਰਸਤੇਆਂ ਵਿਚ ਖਾਣ ਪੀਣ ਦੇ ਸਟਾਲ ਲਗਾਣ ਵਾਲੇ ਸੱਜਣਾ ਦਾ ਧੰਨਵਾਦ ਕੀਤਾ । ਇਸ ਮੌਕੇ ਉਨ੍ਹਾਂ ਦੇ ਨਾਲ ਯੂਰੋਪੀਅਨ ਸਿੱਖ ਓਰਗੇਨਾਈਜੇਸ਼ਨ ਦੇ ਪ੍ਰਧਾਨ ਸਰਦਾਰ ਬਿੰਦਰ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਸਕੱਤਰ ਬੀਬੀ ਬਲਵਿੰਦਰ ਕੌਰ ਸਨ ।

### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਦਮਦਮਾਂ ਸਾਹਿਬ ਵਿਖੇ ਕੀਤੀ ਜਾਣ ਵਾਲੀ

# ਪੰਥਕ ਕਾਨਫਰੰਸ ਸਬੰਧੀ ਪਿੰਡ-ਪਿੰਡ ਮੀਟਿੰਗਾਂ : ਅਮਨਦੀਪ ਸਿੰਘ ਡੱਡੂਆਣਾਂ





**ਅੰਮ੍ਰਿਤਸਰ, 8 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਜਿਲਾ ਅਬਜ਼ਰਵਰ ਭਾਈ ਅਮਨਦੀਪ ਸਿੰਘ ਜੀ ਡੱਡੂਆਣਾਂ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਵਾਲੀ ਕਾਨਫਰੰਸ ਸਬੰਧੀ ਪਿੰਡ ਭੰਗਵਾਂ ( ਅੰਮ੍ਰਿਤਸਰ ਦਿਹਾਤੀ ) ਵਿੱਚ ਪੈਂਦੇ ਹਲਕਾ ਰਾਜਾਸਾਂਸੀ ਦੇ ਮੋਹਤਬਰਾਂ ਤੇ ਕਿਸਾਨ ਜਥੇਬੰਦੀ ਦੇ ਆਗੂਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਭਾਈ ਅਮਨਦੀਪ ਸਿੰਘ ਡੱਡੂਆਣਾਂ ਤੋਂ ਇਲਾਵਾ ਭਾਈ ਦਯਾ ਸਿੰਘ ਜੀ ਅਤੇ ਭਾਈ ਜੁਗਰਾਜ ਸਿੰਘ ਭੰਗਵਾਂ ਅਤੇ ਹੋਰ ਮੋਹਤਬਰ ਵੀ ਹਾਜ਼ਰ ਸਨ। ਇਸ ਮੀਟਿੰਗ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ ਨੇ ਸ਼ਮੂਲੀਅਤ ਕਰਕੇ ਸੂਬੇ ਦੀ ਮੌਜੂਦਾ ਹਾਲਤ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਚਲਾਏ ਜਾ ਰਹੇ ਸੰਘਰਸ਼ ਦੀ ਜਾਣਕਾਰੀ ਦਿੱਤੀ। ਇਸ ਮੌਕੇ ਭਾਈ ਅਮਨਦੀਪ ਸਿੰਘ ਨੇ ਦੱਸਿਆ ਕਿ ਸਰਕਾਰੀ ਧੱਕੇਸ਼ਾਹੀ ਤੇ ਦਮਨਕਾਰੀ ਨੀਤੀਆਂ ਨਾਲ ਪੰਜਾਬ ਵਿੱਚ ਪੰਥਕ ਆਵਾਜ਼ ਨੂੰ ਕਿਸ ਤਰਾਂ ਦਬਾਇਆ ਜਾ ਰਿਹਾ ਹੈ। ਉਹਨਾਂ ਨੇ ਪਾਰਟੀ ਦੇ ਮੁੱਖ ਆਗੂ ਭਾਈ ਅੰਮ੍ਰਿਤਪਾਲ ਸਿੰਘ ਨੂੰ NSA ਤੇ UAPA ਤਹਿਤ ਗੈ਼ਰ-ਕਾਨੂੰਨੀ ਤਰੀਕੇ ਨਾਲ ਬੰਦ ਰੱਖਣ ਦੀ ਸਖ਼ਤ ਨਿੰਦਿਆ ਕੀਤੀ। ਇਸ ਮੌਕੇ ਤੇ ਸਮੂਹ ਮੋਹਤਬਰਾਂ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਵਾਲੀ ਕਾਨਫਰੰਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਦੀ ਸ਼ਮੂਲੀਅਤ ਨਿਸ਼ਿਚਤ ਕਰਨ ਲਈ ਤਿਆਰੀਆ ਕਰਨ ਲਈ ਅਹਿਮ ਵਿਚਾਰਾਂ ਕੀਤੀਆ ਗਈਆਂ ਤੇ ਪ੍ਰੋਗਰਾਮ ਉਲੀਕੇ ਗਏ ਅਤੇ ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਕੀਤੀ ਜਾਣ ਵਾਲੀ ਪੰਥਕ ਕਾਨਫਰੰਸ ਵਿੱਚ ਬੇਮਿਸਾਲ ਇਕੱਠ ਹੋਵੇਗਾ ਜੋ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਇਕ ਵੱਡਾ ਆਗਾਜ਼ ਹੋਵੇਗਾ। ਉਹਨਾ ਕਿਹਾ ਕਿ ਸਾਨੂੰ ਪੰਥਕ ਸਿਧਾਂਤਾਂ ਉੱਤੇ ਅਡੋਲ ਰਹਿਕੇ ਅਤੇ ਪੰਜਾਬ ਦੇ ਹੱਕਾਂ ਲਈ ਲੜਾਈ ਜਾਰੀ ਰੱਖਣੀ ਪਵੇਗੀ। ਪਿੰਡ-ਪਿੰਡ, ਸ਼ਹਿਰ-ਸ਼ਹਿਰ ਅਸੀ ਆਪਣੀ ਆਵਾਜ਼ ਨੂੰ ਅਗੇ ਵਧਾਵਾਂਗੇ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਣ ਵਾਲੀ ਕਾਨਫਰੰਸ ਇਸ ਸੰਘਰਸ਼ ਨੂੰ ਹੋਰ ਤੇਜ ਕਰੇਗੀ।

# ਡਿਪਟੀ ਕਮਿਸ਼ਨਰ ਨੇ ਵਿਸਾਖੀ ਮੇਲੇ ਦੀਆਂ ਅਗਾਊਂ ਤਿਆਰੀਆਂ ਸਬੰਧੀ ਕੀਤੀ ਰੀਵਿਊ ਮੀਟਿੰਗ



ਤਲਵੰਡੀ ਸਾਬੋ, 9 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਅੱਜ ਇਥੇ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ 13 ਅਪ੍ਰੈਲ ਨੂੰ ਮਨਾਏ ਜਾਣ ਵਾਲੇ ਵਿਸਾਖੀ ਮੇਲੇ ਦੇ ਮੱਦੇਨਜ਼ਰ ਅਗਾਂਊਂ ਤਿਆਰੀਆਂ ਬਾਰੇ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ ਉਨ੍ਹਾਂ ਦੇ ਨਾਲ ਐਸਐਸਪੀ ਮੈਡਮ ਅਮਨੀਤ ਕੌਂਡਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਵਾਲੇ ਸਥਾਨ 'ਤੇ ਕੰਟਰੋਲ ਰੂਮ ਸਥਾਪਤ ਕਰਨਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਟ੍ਰੈਫਿਕ ਦੀ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਆਰਜੀ ਰੂਟ ਪਲਾਨ ਤਿਆਰ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਪੀਆਰਟੀਸੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਦੌਰਾਨ ਆਉਣ ਵਾਲੀ ਸੰਗਤ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਆਰਜੀ ਬੱਸ ਸਟੈਂਡ ਅਤੇ ਆਰਜੀ ਰੂਟਾਂ ਦਾ ਪ੍ਰਬੰਧ ਕੀਤਾ ਜਾਵੇ। ਇਸ ਦੌਰਾਨ ਉਨ੍ਹਾਂ ਐਨਡੀਆਰਐਫ਼ ਦੇ ਅਧਿਕਾਰੀਆਂ ਨੂੰ ਵੀ ਸਰੋਵਰ ਨੇੜੇ ਆਪਣੀਆਂ ਟੀਮਾਂ ਤਾਇਨਾਤ ਕਰਨ ਲਈ ਹਦਾਇਤ ਕੀਤੀ ।ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਮੇਲੇ ਦੌਰਾਨ ਮੈਡੀਕਲ ਟੀਮਾਂ ਦਾ ਖਾਸ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਮੇਲੇ ਦੌਰਾਨ ਆਮ ਜਨਤਾ ਅਤੇ ਸ਼ਰਧਾਲੂਆਂ (ਔਰਤਾਂ ਤੇ ਪੁਰਸ਼ਾਂ) ਲਈ ਵੱਖ-ਵੱਖ ਥਾਵਾਂ 'ਤੇ ਆਰਜੀ ਪਖਾਨੇ ਬਣਵਾਉਣੇ ਲਾਜ਼ਮੀ ਬਣਾਏ ਜਾਣ। ਇਸ ਦੌਰਾਨ ਉਨ੍ਹਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਤੋਂ ਇਲਾਵਾ ਜਿਥੇ ਕਿਤੇ ਵੀ ਢਿੱਲੀਆਂ ਜਾਂ ਨੰਗੀਆਂ ਤਾਰਾਂ ਹਨ, ਨੂੰ ਚੰਗੀ ਤਰ੍ਹਾਂ ਠੀਕ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਅੰਦਰ ਚੌਕਾਂ ਦੀ ਸਜਾਵਟ, ਮੇਲੇ ਦੌਰਾਨ ਪ੍ਰਮੁੱਖ ਸਥਾਨਾਂ 'ਤੇ ਸੀਸੀਟੀਵੀ ਕੈਮਰੇ, ਨਹਿਰਾ 'ਤੇ ਸੁਰੱਖਿਆ ਕਰਮੀਆਂ ਦੀ ਤਾਇਨਾਤੀ, ਸਾਫ-ਸਫਾਈ ਅਤੇ ਪੀਣ ਵਾਲੇ ਸਾਫ ਪਾਣੀ ਆਦਿ ਦੇ ਸਾਰੇ ਪ੍ਰਬੰਧ ਮੁਕੰਮਲ ਕਰਨੇ ਲਾਜ਼ਮੀ ਬਣਾਏ ਜਾਣ। ਇਸ ਉਪਰੰਤ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਵਲੋਂ ਤਖਤ ਸ਼੍ਰੀ ਦਮਦਮਾ ਸਾਹਿਬ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਉਹ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਵੀ ਹੋਏ। ਇਸ ਮੌਕੇ ਐਸਡੀਐਮ ਤਲਵੰਡੀ ਸਾਬੋ ਸ਼੍ਰੀ ਪੰਕਜ ਬਾਂਸਲ, ਤਖਤ ਸ਼੍ਰੀ ਦਮਦਮਾ ਸਾਹਿਬ ਦੇ ਮੈਨੇਜਰ ਭਾਈ ਰਣਜੀਤ ਸਿੰਘ, ਤਖਤ ਸ਼੍ਰੀ ਦਮਦਮਾ ਸਾਹਿਬ ਦੇ ਸਹਾਇਕ ਮੈਨੇਜਰ ਭਾਈ ਗੁਰਦੇਵ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰੰਬਧਕ ਕਮੇਟੀ ਦੇ ਮੈਂਬਰ ਸ਼੍ਰੀ ਮੋਹਨ ਸਿੰਘ ਬੰਗੀ, ਨਗਰ ਕੌਂਸਲ ਦੇ ਪ੍ਰਧਾਨ ਬੀਬੀ ਕੁਲਬੀਰ ਕੌਰ ਸਰਾਂ, ਆਪ ਆਗੂ ਹਰਜੀਤ ਸਿੰਘ ਸਰਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

## ਆਂਗਣਵਾੜੀ ਕੇਂਦਰ ਦੀ ਨਵੀਂ ਇਮਾਰਤ ਦਾ ਸਰਪੰਚ ਸ਼੍ਰੀਮਤੀ ਰਾਜ ਰਾਣੀ ਨੇ ਕੀਤਾ ਉਦਘਾਟਨ



**ਤਲਵੰਡੀ ਸਾਬੋ, 09 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਨਥੇਹਾ ਵਿਖੇ ਪਿੰਡ ਦੀ ਸਰਪੰਚ ਵੱਲੋਂ ਆਂਗਣਵਾੜੀ ਕੇਂਦਰ ਦੀ ਨਵੀਂ ਇਮਾਰਤ ਦਾ ਉਦਘਾਟਨ ਕੀਤਾ ਗਿਆ ਅਤੇ ਰਿਬਨ ਕੱਟ ਕੇ ਕੇਂਦਰ ਦੀਆਂ ਚਾਬੀਆਂ ਆਂਗਨਵਾੜੀ ਵਰਕਰ ਹਰਵਿੰਦਰ ਕੌਰ ਨੂੰ ਸੌਂਪ ਦਿੱਤੀਆਂ। ਸਰਪੰਚ ਸ਼੍ਰੀਮਤੀ ਰਾਜ ਰਾਣੀ ਨੇ ਦੱਸਿਆ ਕਿ ਇਸ ਆਂਗਣਵਾੜੀ ਕੇਂਦਰ ਨੰਬਰ 615 ਦਾ ਨਵੀਂ ਇਮਾਰਤ ਬਣਾ ਕੇ ਸੁੰਦਰੀਕਰਨ ਤੇ ਆਧੁਨਿਕੀਕਰਨ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਇਹ ਇਮਾਰਤ ਵਿੱਚ ਬੱਚਿਆਂ ਦੇ ਬੈਠਣ ਲਈ, ਰਸੋਈ ਅਤੇ ਬਾਥਰੂਮ ਦੀ ਸੁਵਿਧਾ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ ਪਿੰਡ ਵਿੱਚ ਪੰਜ ਸੈਂਟਰ ਹਨ ਜਿਹਨਾਂ ਵਿੱਚੋਂ ਦੋ ਕੇਂਦਰ ਸਕੂਲ ਅਤੇ ਬਾਕੀ ਧਰਮਸ਼ਾਲਾਵਾਂ ਵਿੱਚ ਚੱਲ ਰਹੇ ਹਨ। ਇੱਕ ਸਵਾਲ ਦੇ ਜਵਾਬ ਵਿੱਚ ਉਹਨਾਂ ਕਿਹਾ ਕਿ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਦੇ ਯਤਨਾਂ ਸਦਕਾ ਜਿੱਥੇ ਪਿੰਡ ਦੇ ਕਈ ਕੰਮ ਕਰਵਾ ਦਿੱਤੇ ਹਨ ਉਥੇ ਦੋ ਹੋਰ ਆਂਗਣਵਾੜੀ ਕੇਂਦਰ ਨਵੇਂ ਸਿਰਿਉਂ ਬਣਾਏ ਜਾਣਗੇ। ਇਸ ਮੌਕੇ ਸਰਪੰਚ ਦੇ ਪਤੀ ਸੁਖਪਾਲ ਸਿੰਘ ਚਾਹਲ, ਬਲਾਕ ਪ੍ਰਧਾਨ ਬਿੱਕਰ ਸਿੰਘ ਖਾਲਸਾ ਪੰਚ, ਗੁਰਨਾਥ ਸਿੰਘ ਜੀ.ਆਰ.ਐਸ, ਮੁੱਖ ਅਧਿਆਪਕਾ ਨਪਿੰਦਰ ਕੌਰ, ਬਲਕੌਰ ਸਿੰਘ ਅਤੇ ਸਕੂਲ ਸਟਾਫ ਤੋਂ ਇਲਾਵਾ ਸਾਬਕਾ ਸਰਪੰਚ ਜਗਸੀਰ ਸਿੰਘ, ਚਰਨਜੀਤ ਸਿੰਘ ਪੰਚ, ਭੋਲਾ ਸਿੰਘ ਪੰਚ, ਨਾਜਰ ਸਿੰਘ ਪੰਚ, ਮਲਕੀਤ ਸਿੰਘ ਪੰਚ, ਕਿਰਨਪਾਲ ਕੌਰ ਪੰਚ, ਪਰਮਜੀਤ ਕੌਰ ਪੰਚ, ਸ਼ਿੰਦਰ ਕੌਰ ਪੰਚ, ਪਰਵਿੰਦਰ ਕੌਰ ਪੰਚ, ਗੁਰਪਾਲ ਸਿੰਘ, ਜਗਦੇਵ ਸਿੰਘ, ਗੁਰਦੀਪ ਸਿੰਘ, ਬਿੱਟੂ ਸਿੰਘ ਅਤੇ ਸਤਨਾਮ ਸਿੰਘ ਸੱਤਾ (ਦੋਵੇਂ ਮਨਰੇਗਾ ਮੇਟ) ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਸੁਣਿਆ ਸਰਕਾਰ ਕਹਿੰਦੀ ਹੈ ਮਾਝੇ ਦਾ ਜਰਨੈਲ ਬਿਕਰਮਜੀਤ ਸਿੰਘ ਮਜੀਠੀਆ ਚਿੱਟੇ ਦਾ ਬਹੁਤ ਵੱਡਾ ਵਪਾਰੀ ਹੈ**

# ਆਪਣੇ ਵਿਚਾਰ ਸੰਗਤਾਂ ਸਾਹਮਣੇ ਰੱਖ ਰਹੇ ਹਾਂ : ਭਾਈ ਭਿਓਰਾ





**ਸ਼ਹੀਦ** ਬਾਬਾ ਗੁਰਬਚਨ ਸਿੰਘ ਮਾਨੋਚਾਹਲ ਦਾ ਥਾਪੜਾ ਲੈਣ ਵਾਲੇ ਭਾਈ ਅਵਤਾਰ ਸਿੰਘ ਭਿਓਰੇ ਨੇ ਬਿਕਰਮਜੀਤ ਸਿੰਘ ਮਜੀਠੀਏ ਬਾਰੇ ਆਪਣੇ ਵਿਚਾਰਾਂ ਦੀ ਸਾਂਝ ਪਾਉਂਦੀਆਂ ਕਿਹਾ ਕਿ ਜੇ ਕਿਸੇ ਬੰਦੇ ਦਾ ਕੋਈ ਤੋੜ ਨ ਮਿਲਦਾ ਹੋਵੇ ਤਾਂ ਸਰਕਾਰ ਦੀ ਕੂਟਨੀਤੀ ਹੁੰਦੀ ਹੈ ਲੋਕਾਂ ਚ ਉਸ ਬੰਦੇ ਬਾਰੇ ਇਨ੍ਹਾਂ ਝੂਠ ਫੈਲਾ

## ਵਿਚਾਰ ਆਪੋ-ਆਪਣਾ

ਦਿਉ ਕਿ ਲੋਕੀਂ ਵੀ ਉਸ ਝੂਠ ਨੂੰ ਸੱਚ ਮੰਨ ਲੈਣ। ਜਿਸ ਨਾਲ ਕਲ ਨੂੰ ਸਰਕਾਰ ਉਸ ਬੰਦੇ ਨੂੰ ਕਿਸੇ ਝੂਠੇ ਕੇਸ ਚ ਫਸਾ ਵੀ ਦਵੇ ਤਾਂ ਉਸ ਨੂੰ ਲੋਕਾਂ ਦੀ ਹਮਦਰਦੀ ਨਾਂ ਮਿਲ ਸਕੇ। ਪਰ ਇੱਥੇ ਤਾਂ ਸਭ ਕੁੱਝ ਉਲਟਾ ਹੀ ਹੋ ਰਿਹਾ ਹੈ ਸਰਕਾਰਾਂ ਜਿਨ੍ਹਾਂ ਮਜੀਠੀਏ ਨੂੰ ਦਬ ਰਹੀਆਂ ਹਨ ਉਸ ਦਾ ਕਦ ਹੋਰ ਉੱਚਾ ਹੋਈ ਜਾ ਰਿਹਾ ਹੈ। ਉਸ ਨੂੰ ਅੰਦਰ ਕਰਨ ਲਈ ਸਰਕਾਰ ਸ਼ਾਮ - ਦਾਮ - ਦੰਡ ਭੇਦ ਹਰ ਤਰੀਕਾ ਅਪਣਾ ਰਹੀ ਹੈ ਪਰ ਕਹਿੰਦੇ ਹਨ ਜਿਸ ਨੂੰ ਰੱਬ ਰੱਖੇ ਉਸ ਦਾ ਕੋਈ ਕੀ ਵਿਗਾੜ ਸਕਦਾ ਹੈ। ਧੱਕਾ ਹੀ ਹੋ ਜਾਵੇ ਤਾਂ ਕੁੱਝ ਕਹਿ ਨਹੀਂ ਸਕਦੇ ਬਾਕੀ ਸਰਕਾਰ ਨੇ ਹਰ ਹੀਲਾ ਵਰਤ ਕੇ ਵੇਖ ਲਿਆ ਪਰ ਮਾਝੇ ਦਾ ਜਰਨੈਲ ਕਹੇ ਜਾਂਦੇ ਬਿਕਰਮਜੀਤ ਸਿੰਘ ਮਜੀਠੀਆ ਜੇ ਕਾਣਾਂ ਹੁੰਦਾਂ ਤਾਂ ਸ਼ਰੇਆਮ ਪੱਟਾਂ ਤੇ ਥਾਪੀ ਮਾਰ ਕੇ ਸਰਕਾਰ ਨੂੰ ਚੈਲੰਜ ਨਾਂ ਕਰਦਾ।

ਭਾਈ ਭਿਓਰੇ ਨੇ ਕਿਹਾ ਕਿ ਸਿੱਖ ਸੰਘਰਸ਼ ਦੌਰਾਨ ਓਹਨਾਂ 17-18 ਸਾਲ ਦਿੱਲੀ ਦੀ ਤਿਹਾੜ ਜੇਲ੍ਹ, ਅੰਮ੍ਰਿਤਸਰ ਗੁਮਟਾਲਾ ਜੇਲ੍ਹ ਜਲੰਧਰ, ਰੋਪੜ੍ਹ,ਕਰਨਾਲ ਜੇਲ੍ਹ ਚ ਨਜ਼ਰਬੰਦੀ ਕੱਟੀ ਹੈ। ਹਰ ਛੋਟਾ ਵੱਡਾ ਚਿੱਟੇ,ਸਮੈਕ, ਭੁੱਕੀ ਦਾ ਤਸਕਰ ਸਾਨੂੰ ਮਿਲਦਾ ਰਿਹਾ ਹੈ ਕਿਉਂਕਿ ਇਕੋ ਥਾਂ ਸਭ ਨੇ ਰਹਿਣਾਂ ਹੁੰਦਾਂ ਹੈ। ਜੇਲ੍ਹਾਂ ਕੱਟੀਆਂ ਵੀ ਇਦਾਂ ਹੀ ਜਾਂਦੀਆਂ ਨੇ। ਨਿੱਤਨੇਮ ਕਰ ਲਿਆ ਵਰਜਿਸ਼ ਕਰ ਲਈ ਗੁਰੂ ਘਰ ਚਲੇ ਗਏ ਬਾਕੀ ਇਕ ਦੂਜੇ ਨੂੰ ਮਿਲ ਕੇ ਗੱਲਾਂ ਬਾਤਾਂ ਕਰ ਲਈਆਂ ਚਾਅ ਪਾਣੀ ਪ੍ਰਸ਼ਾਦਾ ਇਕਠਿਆਂ ਛਕ ਲਿਆ। ਬਾਕੀ ਜੇਲ੍ਹ ਚ ਇਕ ਦੂਜੇ ਬਾਰੇ ਸਭ ਨੂੰ ਪਤਾ ਹੁੰਦਾ ਹੈ ਓਥੇ ਕੋਈ ਗੱਲ ਨਹੀਂ ਲੁਕਦੀ। ਜੇਲ੍ਹ ਵਿੱਚ ਆਉਂਣ ਤੋਂ ਪਹਿਲਾਂ ਹੀ ਬੰਦੇ ਦਾ ਸਾਰਾ ਬਾਇਓਡੇਟਾ ਅੰਦਰ ਆਲ੍ਹਿਆਂ ਕੋਲ ਪਹੁੰਚ ਜਾਂਦਾ ਹੈ। ਹੁਣ ਜਿਹੜੀ ਅਸਲ ਗੱਲ ਹੈ ਅੰਦਰ ਜਿਨੇਂ ਵੀ ਚਿੱਟੇ ਦੇ ਤਸਕਰਾਂ ਨੂੰ ਅਸੀਂ ਮਿਲੇ ਹਾਂ ਕਦੇ ਕਿਸੇ ਨੇ ਇਹ ਨਹੀਂ ਕਿਹਾ ਕਿ ਸਾਡਾ ਬਿਕਰਮਜੀਤ ਸਿੰਘ ਮਜੀਠੀਏ ਨਾਲ ਕੋਈ ਸੰਬੰਧ ਰਿਹਾ ਹੈ। ਓਹੋ ਵੀ ਹੈਰਾਨ ਹੁੰਦੇ ਹਨ ਕਿ ਕੰਮ ਤਾਂ ਅਸੀਂ ਕਰਦੇ ਹਾਂ ਨਾਮ ਮਜੀਠੀਏ ਦਾ ਸੁਰਖੀਆਂ ਚ ਰਹਿੰਦਾਂ ਹੈ। ਰਾਜਨੀਤੀ ਰੰਜਿਸ਼ ਦੇ ਕਰਕੇ ਸਰਕਾਰਾਂ ਤੇ ਓਹਨਾਂ ਦੇ ਆਈ ਟੀ ਸੈਲਾਂ ਨੇ ਇੰਟਰਨੈਸ਼ਨਲ ਪੱਧਰ ਤੇ ਇਹ ਦਰਸ਼ਾ ਦਿੱਤਾ ਹੈ ਕੀ ਬਿਕਰਮਜੀਤ ਸਿੰਘ ਮਜੀਠੀਆ ਚਿੱਟੇ ਦਾ ਕਿੰਗ ਹੈ। ਸਾਡੇ ਬਹੁਤਾਤ ਲੋਕਾਂ ਚ ਨਾਂ ਸੱਚ ਬੋਲਣ ਦੀ ਹਿੰਮਤ ਹੈ ਨਾਂ ਸੱਚ ਸੁਣਨ ਦੀ ਸ਼ਮਤਾ ਹੈ। ਬਸ ਭੇਡ ਚਾਲ ਹੈ ਇਕ ਦੂਜੇ ਮਗਰ ਲੱਗਣ ਦੀ। ਭਾਵੇਂ ਮਜੀਠੀਏ ਦੀ ਸਕਿਓਰਟੀ ਵਾਪਸ ਲੈ ਲਈ ਫਿਰ ਵੀ ਅਗਲਾ ਮੁੱਛਾਂ ਤੇ ਹੱਥ ਫੇਰ ਕੇ ਸਰਕਾਰ ਨੂੰ ਚੈਲੰਜ ਕਰਦਾ ਹੈ। ਲੋਕਾਂ ਨੂੰ ਵੀ ਇਹ ਗੱਲ ਸਮਝਣੀ ਚਾਹੀਦੀ ਹੈ ਤੇ ਉਸ ਨਾਲ ਖੜਨਾਂ ਚਾਹੀਦਾ ਹੈ। ਇਸ ਬਾਰੇ ਲਿਖਣ ਦਾ ਬਹੁਤ ਚਿਰ ਤੋਂ ਸੋਚ ਰਿਹਾ ਸੀ। ਅੱਜ ਬਿਕਰਮਜੀਤ ਸਿੰਘ ਮਜੀਠੀਏ ਬਾਰੇ ਲਿਖ ਕੇ ਅੱਛਾ ਲਗ ਰਿਹਾ ਹੈ। ਦੁਸ਼ਮਣ ਦੀ ਵੀ ਜਿੱਥੇ ਤਾਰੀਫ਼ ਬਣਦੀ ਸੀ ਗੁਰੂ ਸਾਹਿਬ ਜੀ ਨੇ ਕੀਤੀ ਹੈ ਪਰ ਇੱਥੇ ਤਾਂ ਬਿਕਰਮਜੀਤ ਸਿੰਘ ਮਜੀਠੀਆ ਆਪਣਾਂ ਹੀ ਹੈ। ਬਾਕੀ ਗੁਰੂ ਸਾਹਿਬਾਨ ਆਪ ਜਾਣੀ ਜਾਨ ਹਨ। ਝੂਠ ਸੱਚ ਦਾ ਨਿਬੇੜਾ ਉਹਨਾਂ ਆਪ ਕਰਨਾਂ ਹੈ। ਅਸੀਂ ਜੋ ਵੇਖਿਆ ਸੁਣਿਆ ਸੰਗਤਾਂ ਮੂਹਰੇ ਰੱਖ ਦਿੱਤਾ। ਬਾਕੀ ਕਰਤਾਰ ਆਪ ਭਲੀ ਕਰੂਗਾ।

**-ਅਵਤਾਰ ਸਿੰਘ ਭਿਓਰਾ**
ਮੋ.ਨੰ. 7065379792

# ਫੌਜੀ ਜਵਾਨਾਂ ਦੀ ਵਫਾਦਾਰੀ ਤੋਂ ਅਨਜਾਣ—ਜਗਦੇਵ ਸਿੰਘ



**ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ)** :— ਮੈਂ ਕਿਸਾਨਾ ਦਾ ਬੇਟਾ ਅਤੇ ਸਾਬਕਾ ਸੈਨਕ ਹੋਣ ਨਾਤੇ ਕਿਸਾਨ ਅਤੇ ਜਵਾਨ ਦੀ ਬੇਕਦਰੀ ਤੇ ਭੈੜੀ ਦੁਰਦਸ਼ਾ, ਚੁਣੀਆਂ ਸਰਕਾਰਾਂ ਵੱਲੋਂ ਦੁਸ਼ਮਣ ਵਾਲ਼ਾ ਸਲੂਕ ਹੁੰਦਾ ਦੇਖ ਕੇ ਮਜ਼ਬੂਰ ਵਸ ਕੌੜੇ ਕਸੈਲੇ ਵਿਚਾਰ ਪੇਸ਼ ਕਰ ਰਿਹਾ ਹਾਂ। ਕੁਝ ਭਾਰਤੀ ਫੌਜ ਬਾਰੇ ਸਫ਼ੈਦਪੋਸ਼ ਰਾਜਨੀਤਕ ਅਤੇ ਅਫ਼ਸਰਸ਼ਾਹੀ ਜੋ ਬਹੁਤ ਮਹਿੰਗੇ ਸਕੂਲਾਂ ਵਿਚ ਪੜ੍ਹਕੇ ਉੱਚੇ ➡ਤਬੇ ਹਾਸਲ ਤਾਂ ਕਰ ਗਏ ਫੌਜੀ ਜਵਾਨਾਂ ਦੀ ਦੇਸ਼ ਪੂਰਤੀ ਨਿਭਾਈ ਵਫ਼ਾਦਾਰੀ ਤੋਂ ਅਨਜਾਣ ਜਾਂ ਮਚਲੇ ਸਾਬਤ ਹੋਏ ਹਨ। ਤੋਤਲੀਆਂ ਜ਼ੁਬਾਨਾਂ ਵਾਲ਼ੇ ਬੱਚੇ, ਬਾਪ ਛੱਡ ਦੇਸ ਤੇ ਭਾਰਤ ਮਾਤਾ ਦੀ ਇੱਜ਼ਤ ਆਬਰੂ ਬਚਾਉਂਦੇ ਸਿਰਾਂ ਤੇ ਖੱਫਣ ਬੰਨ੍ਹ ਦੁਸ਼ਮਨਾਂ ਨੂੰ ਲੋਹੇ ਦੇ ਚਣੇ ਚਬਾਉਂਦੇ ਕਈ ਵਾਰ ਤਿਰੰਗੇ ਵਿੱਚ ਲਿਪਟਦੇ ਆਏ ਤੇ ਲਿਪਟਦੇ ਆ ਰਹੇ ਹਨ, ਜਾਂ ਤਾਂ ਅਨਜਾਣ ਹਨ ਤੇ ਇਤਹਾਸ ਬਾਰੇ ਜਾਣਕਾਰੀ ਨਹੀਂ। ਕੁਝ ਕੁ ਮਿਸਾਲਾਂ 1897 ਵਿਚ ਦਸ ਹਜ਼ਾਰ ਅਫ਼ਗਾਨੀ ਲੜਾਕੂਆਂ ਨੂੰ 36 ਸਿਖ ਰਜਮਿੰਟ ਜੋ ਮਜੂਦਾ ਸਮੇ ਚਾਰ ਸਿੱਖ ਰਜਮਿੰਟ ਪਲਟਨ ਹੈ 21 ਸੂਰਬੀਰਾਂ ਨੇ ਜਿਤ ਕੇ ਸ਼ਹੀਦ ਹੋ ਕੇ ਅਮਰ ਹੋ ਕੇ ਸਾਡੇ ਰਾਹ ਦਸੇਰਾ ਬਣ ਗਏ। 1965 ਵਿੱਚ ਅਧੁਨਿਕ ਹਥਿਆਰਾਂ ਅਤੇ ਅਮਰੀਕੀ ਟੈਕਾਂ ਨਾਲ਼ ਲੈੱਸ ਤੂਫ਼ਾਨ ਬਣਕੇ ਆਈ ਪਾਕਿਸਾਨੀ ਫੌਜ ਕੁਝ ਕਮਜ਼ੋਰ ਦਿਲ ਅਫਸਰਾਂ ਨੇ ਭਾਰਤੀ ਫੌਜ ਨੂੰ ਸਤਲੁਜ ਤੋਂ ਪਿੱਛੇ ਹਟਣ ਲਈ ਹੁਕਮ ਦਿਤਾ। ਅਮ੍ਰਿਤਸਰ ਤੇ ਸਾਡਾ ਬਹੁਤ ਸਾਰਾ ਇਲਾਕਾ ਦੁਸ਼ਮਨ ਫੌਜ ਕਾਬਜ਼ ਹੋ ਕੇ ਲੁਟਦੇ ਵੀ ਤੇ ਤਹਿਸ ਨਹਿਸ ਕਰਦੇ ।ਜਨਰਲ ਹਰਬਖਸ਼ ਸਿੰਘ ਨੇ ਫੌਜਾਂ ਅਤੇ ਪੰਜਾਬੀਆਂ ਵਿਚ ਨਵੀ ਰੂਹ ਫੂਕ ਕੇ ਦੁਸ਼ਮਣ ਨੂੰ ਭਜਾਇਆ। 1971 ਵਿੱਚ ਰਾਜਸਥਾਨ ਦੀ ਲੌਂਗੇਵਾਲਾ ਪੋਸਟ ਤੇ ਚੜ੍ਹਕੇ ਆਏ ਭਾਰੀ ਗਿਣਤੀ 3500 ਦੁਸ਼ਮਣ ਫੌਜਾਂ ਨੂੰ 120 ਜਵਾਨਾਂ ਵਿਚੋਂ 80 ਜਾਂ 85 ਜਵਾਨ ਹੀ ਸਨ। ਕੁਝ ਪਟਰੌਲਿੰਗ ਤੇ ਲੈਫਟੀਨੈਂਟ ਧਰਮਵੀਰ ਨਾਲ਼ ਗਏ ਸੰਨ ਅਸੀ ਬੁੱਕਦੇ ਸ਼ੇਰ ਦੇ ਜਬਾੜੇ ਨੂੰ ਹੱਥ ਪਾਇਆ। ਸਾਡੇ ਕੁਝ ਜਿੰਦਾ ਕੁਝ ਬਰਬਾਦ ਟੈਂਕ ਫੜੇ ਹੋਏ ਪੋਸਟ ਦੇ ਇਰਦ ਗਿਰਦ ਭਾਰਤ ਮਾਂ ਦੇ ਸਪੂਤਾਂ ਕਲਗੀਧਰ ਦੇ ਲਡਲਿਆ ਦੀ ਵਫ਼ਾਦਾਰੀ ਦੀ ਅਗਵਾਈ ਭਰ ਰਹੇ ਹਨ। 1999 ਵਿੱਚ ਕਾਰਗਿਲ ਕਾਂਡ ਗਾੜ੍ਹਾ ਖ਼ੂਨ ਡੋਲ੍ਹ ਕੇ ਭਾਰਤ ਦੀ ਆਨਸ਼ਾਨ ਨੂੰ ਕਾਇਮ ਰਖਿਆ। ਕੁਝ ਸਾਲ ਪਹਿਲਾਂ ਗੁਥਮਗੁਥਾ ਲੜਾਈ ਵਿੱਚ ਮਾਨਸਾ ਜ਼ਿਲ੍ਹੇ ਦੇ ਸਿਪਾਹੀ ਗੁਰਤੇਜ ਸਿੰਘ 14 ਚੀਨੀਆ ਨੂੰ ਮਾਰ ਕੇ ਸ਼ਹੀਦ ਹੋ ਗਿਆ। 2023 ਦਸੰਬਰ ਵਿੱਚ ਚੜਕੇ ਆਈਆਂ ਚੀਨੀ ਫੌਜਾਂ ਨੂੰ ਭਾਰਤੀ ਜਵਾਨਾਂ ਟੰਬੇ ਮਾਰ ਮਾਰ ਭਜਾਇਆ। ਹੜ੍ਹ ਆਉਣ ਜਾਂ ਭੂਚਾਲ ਆਉਣ ਤੇ ਲੋਕਾਂ ਨੂੰ ਬਚਾਉਦੇ ਸਮੇਂ ਕਿਸੇ ਦਾ ਕੀਮਤੀ ਸਮਾਨ ਜਾਂ ਜੇਬਾਂ ਨਹੀਂ ਫਰੋਲਦੇ। ਇਤਨੀ ਸਮਝ ਤਾਂ ਹੋਣੀ ਜ਼ਰੂਰੀ ਹੈ ਕਿ ਜੇ ਸਾਡੀ ਫੌਜ ਕਮਜ਼ੋਰ ਪੈ ਜਾਵੇ ਤਾਂ ਦੁਸ਼ਮਨ ਫੌਜਾਂ ਲੁਟਮਾਰ ਦੇ ਨਾਲ਼ ਨਾਲ਼ ਜਵਾਨ ਬਹੁ ਬੇਟੀਆਂ ਵੀ ਖੋਹ ਕੇ ਲੈ ਜਾਂਦੇ ਹਨ। ਬੰਗਲਾ ਦੇਸ਼ ਵੱਲ ਵੇਖ ਲਵੋ ਸਾਡੇ ਫੌਜੀਆਂ ਨੇ 1971 ਵਿੱਚ ਅਪਣੀਆਂ ਪੱਗਾਂ ਪਾੜ ਪਾੜ ਕੇ ਦੂਸਰੇ ਦੇਸ਼ ਦੀਆਂ ਔਰਤਾਂ ਦੀਆਂ ਇਜ਼ਤਾਂ ਢਕੀਆਂ। ਸੰਨ 1990 ਵਿਚ 24 ਪੰਜਾਬ ਰਜਿਮੈਂਟ ਦੇ ਚਰਨ ਸਿੰਘ ਜੋ ਮੇਰਾ ਦੋਸਤ ਹੈ 43। ਖਤਰਨਾਕ ਅਫ਼ਗਾਨੀ ਮਿਲੀਟੈਂਟਾਂ ਨੂੰ ਅਪਣੇ ਆਪ ਨੂੰ ਖ਼ਤਰੇ ਵਿਚ ਪਾਕੇ ਖ਼ਤਮ ਕੀਤਾ। ਕੁਝ ਸਾਲ ਪਹਿਲਾਂ ਮੇਰਠ ਸ਼ਹਿਰ ਦਾ ਏਅਰ ਫੋਰਸ ਵਿੱਚ ਇਕਲੌਤਾ ਪੁੱਤਰ ਪਾਇਲਟ ਜਹਾਜ਼ ਨੂੰ ਲੱਗੀ ਅੱਗ ਤੋਂ ਮੋਗੇ ਦੇ ਦੋ ਪਿੰਡਾਂ ਨੂੰ ਬਚਾਉਦੇ ਖ਼ੁਦ ਸ਼ਹੀਦ ਹੋ ਗਿਆ। ਉਪਰ ਦੱਸੀਆਂ ਘਟਨਾਵਾਂ ਕੁਝ ਕੁ ਹੀ ਹਨ ਇਹ ਕੋਈ ਮਨ ਘੜਤ ਜਾਂ ਬਨਾਉਟੀ ਫ਼ਿਲਮ ਸਟੋਰੀਆਂ ਨਹੀਂ ਹਨ ਪਰ ਅਫ਼ਸੋਸ ਸਮੇਂ ਦੀਆਂ ਸਰਕਾਰਾਂ ਨੇਂ ਅਗਨੀਵੀਰ ਪ੍ਰਥਾ ਰਾਹੀ ਫੌਜ ਨੂੰ ਕਮਜ਼ੋਰ ਕਰਕੇ ਨਿਰਉਤਸ਼ਾਹਿਤ ਕਰ ਤੇ ਸਤਿਕਾਰ ਘਟਾ ਰਹੀਆਂ ਹਨ। ਦੂਸਰੇ ਪਾਸੇ ਨਕਲੀ ਮੁਕਾਬਲੇ ਬਣਾਕੇ ਸਾਡੇ ਹੀ ਦੇਸ਼ ਦੇ ਨੌਜਵਾਨਾਂ ਨੂੰ ਖ਼ਤਮ ਕਰਨਾ ਅਤੇ ਫੌਜੀ ਜਵਾਨਾ ਨਾਲ਼ ਭੱਦੇ ਸਲੂਕ ਕਰਨਾ, ਕੁਟਮਾਰ ਕਰਨੀ ਤੇ ਕਹਿਣਾ ਪੁਲਸ ਫੌਜ ਦੀ ਬਾਪ ਹੈ। ਪਟਿਆਲੇ ਕਰਨਲ ਬਾਠ ਦੀ ਕੁੱਟਮਾਰ ਕਰਨੀ। ਸਫੈਦਪੋਸ਼ਾ ਮੂੰਹ ਬੰਦ ਰੱਖਣਾ, ਹੱਕ ਮੰਗਦੇ ਕਿਸਾਨਾਂ ਤੇ ਦੁਸ਼ਮਣ ਵਾਲ਼ਾ ਸਲੂਕ ਕਿਸੇ ਸਮੇਂ ਦੇਸ਼ ਲਈ ਘਾਤਕ ਹੋ ਸਕਦਾ ਹੈ। ਪਿਛਲੇ ਸਮਿਆਂ ਤੇ ਅੱਜ ਤਕ ਦੇਸ਼ ਲਈ ਕੁਰਬਾਨ ਹੋਣ ਵਾਲ਼ਿਆਂ ਦੀ ਖਿੱਲੀ ਉਡਾਉਣੀ ਬੰਦ ਕੀਤੀ ਜਾਵੇ ।2021 ਵਿੱਚ ਸਤਿਕਾਰਯੋਗ ਪੀ ਐਮ ਵੱਲੋਂ 50 ਸਾਲਾ ਗੋਲਡਨ ਜੁਗਨੀ ਮਨਾਉਣ ਸਮੇਂ ਲੌਂਗੋਵਾਲ ਪੋਸਟ ਤੇ ਜਾਣਾ ਪਰ ਜੰਗ ਜਿੱਤਣ ਵਾਲ਼ਿਆਂ ਦੀ ਜਾਣਕਾਰੀ ਜਾਂ ਗੱਲ ਕਰਨੀ ਮੁਨਾਸਿਬ ਨਾ ਸਮਝੀ। ਕਰੋੜਾਂ ਰੁਪਏ ਖ਼ਰਚ ਕੇ ਸ਼ੁਗਲ ਹੀ ਸਾਬਤ ਹੋਇਆ।

# ਜਨ ਕਲਿਆਣ ਸੰਗਠਨ ਵੱਲੋ 'ਭਰੂਣ ਹੱਤਿਆ ਸਮਾਜ ਦੇ ਲਈ ਲਗਾਇਆ ਘਾਤਕ' ਜਾਗਰੂਕਤਾ ਸੈਮੀਨਾਰ

**ਚੌਂਕ ਮਹਿਤਾ, 9 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੁੜੀ ਅਤੇ ਮੁੰਡੇ ਨੂੰ ਇਕ ਸਮਾਨ ਦਰਜ਼ਾ ਦਿਵਾਉਣ ਦੇ ਉਦੇਸ਼ ਨਾਲ ਜਨ ਕਲਿਆਣ ਸੰਗਠਨ ਅਤੇ ਫ਼ੀ ਪਰਿਵਾਰ ਪਰਾਮਰਸ਼ ਕੇਂਦਰ (1968 ਤੋਂ ਸੰਚਾਲਿਤ) ਵੱਲੋਂ "ਭਰੂਣ ਹੱਤਿਆ ਸਮਾਜ ਦੇ ਲਈ ਘਾਤਕ" ਸੈਮੀਨਾਰ ਦੋਨਾਂ ਸੰਸਥਾਵਾ ਦੀ ਸੰਸਥਾਪਕ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ ਅਤੇ ਮੁੱਖ ਸਲਾਹਕਾਰ ਸ਼੍ਰੀਮਤੀ ਸੁਰਜੀਤ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ ਧੀਆਂ ਦੇਸ਼ ਦੀ ਕੀਮਤੀ ਵਿਰਾਸਤ ਹੈ। ਭਰੂਣ ਹੱਤਿਆ ਘੋਰ ਅਪਰਾਧ ਹੈ। ਭਰੂਣ ਹੱਤਿਆ ਕਰਨ ਵਾਲੇ ਨੂੰ ਉਮਰ ਕੈਦ ਅਤੇ ਫਾਂਸੀ ਹੋਣੀ ਚਾਹੀਦੀ ਹੈ। ਧੀ ਨੂੰ ਬਚਾਓਣ ਦਾ ਸੰਕਲਪ ਲੈਣਾ ਜਰੂਰੀ ਹੈ ਭਰੂਣ ਹੱਤਿਆ ਦਾ ਮੁੱਖ ਕਾਰਨ ਦਾਜ ਹੈ। ਦਾਜ ਲਾਲਚੀਆਂ ਦਾ ਸਾਮਾਜਿਕ ਬਹੀਸ਼ਕਾਰ ਹੋਣਾ ਚਾਹੀਦਾ ਹੈ। ਸ਼੍ਰੀ ਮਤੀ ਸੁਰਜੀਤ ਕੌਰ, ਗੀਤਾ ਨਰੂਲਾ, ਜਸਵਿੰਦਰ ਕੌਰ, ਪਰਵੀਨ ਬਤਰਾ, ਗੁਰਿੰਦਰ ਕੌਰ, ਮਹਿੰਦਰ ਕੌਰ, ਕੁਲਵੰਤ ਕੌਰ, ਸੁਖਵਿੰਦਰ ਕੌਰ, ਬਲਜੀਤ ਕੌਰ ਅਤੇ ਪਰਮਿੰਦਰ ਕੌਰ ਨੇ ਕਿਹਾ ਕਿ ਜਿਹੜੇ ਕਲੀਨੀਕ ਲਿੰਗ ਨਿਰਧਾਰਣ ਟੈਸਟ ਕਰਦੇ ਹਨ ਉਹਨਾਂ ਦੇ ਲਾਇਸੰਸ ਕੈਂਸਲ ਹੋਣੇ ਚਾਹੀਦੇ ਹਨ ਅਤੇ ਉਹਨਾਂ ਨੂੰ ਸਖਤ ਸਜਾ ਹੋਣੀ ਚਾਹੀਦੀ ਹੈ। ਰਾਜਿੰਦਰ ਕੌਰ, ਗੋਲਡੀ ਕੁਮਾਰੀ, ਦਵਿੰਦਰ ਕੌਰ, ਸਿਮਰ ਕੌਰ, ਦਲਜੀਤ ਕੌਰ, ਜਗਜੀਤ ਕੌਰ, ਅਨਿਤਾ, ਮਨੂੰ, ਰੁਸ਼ੀ ਕੁਮਾਰੀ, ਆਸ਼ਾ ਕੁਮਾਰੀ ਨੇ ਦੱਸਿਆ ਕਿ ਧੀਆਂ ਹਰ ਖੇਤਰ ਵਿੱਚ ਦੇਸ਼ ਦਾ ਨਾਮ ਉਚਾ ਕਰ ਰਹੀਆਂ ਹਨ। ਕੁੜੀ-ਮੁੰਡੇ ਵਿੱਚ ਭੇਦਭਾਵ ਖਤਮ ਕਰਨਾ ਜਰੂਰੀ ਹੈ ਡਾ. ਸਵਰਾਜ ਗਰੋਵਰ ਨੇ ਸਾਰਿਆਂ ਨੂੰ ਭਰੂਣ ਹੱਤਿਆ ਦੇ ਵਿਰੁਧ ਆਵਾਜ਼ ਚੁੱਕਣ ਲਈ ਸੰਕਲਪ ਦਿਵਾਇਆ।




# ਨਾਇਟ ਕਲੱਬ ਛੱਤ ਡਿੱਗਣ ਨਾਲ ਗਾਇਕ ਰੂਬੀ ਸਮੇਤ 98 ਮੌਤਾਂ,225 ਜ਼ਖ਼ਮੀ ਤੇ ਮਲਬੇ'ਚ ਸੈਂਕੜੇ ਜ਼ਖ਼ਮੀ ਹੋਣ ਵਾਲੀ ਮੰਦਭਾਗੀ ਘਟਨਾ ਦੁਨੀਆਂ ਨੂੰ ਭਾਣੇ ਨਾਲ਼ ਜੋੜਦੀ ਹੈ : ਭਾਈ ਵਿਰਸਾ ਸਿੰਘ ਖਾਲਸਾ



ਜੰਡਿਆਲਾ ਗੁਰੂ 9 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ) ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਨੇ ਨਾਇਟ ਕਲੱਬ ਛੂਹ ਸਮੇਂ ਅਚਾਨਕ ਛੱਤ ਡਿੱਗਣ ਨਾਲ ਮਸ਼ਹੂਰ ਰੂਬੀ ਪੀਰੀਜ ਸਮੇਤ 98 ਮੌਤਾਂ, 225 ਸਖ਼ਤ ਜ਼ਖ਼ਮੀ ਤੇ 500 ਤੋਂ ਵੱਧ ਦੱਬੇ ਹੋਣ ਵਾਲੇ ਹੋਏ ਵੱਡੇ ਹਾਦਸੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪੀੜਤ ਨੂੰ ਢੁਕਵਾਂ ਮੁਆਵਜ਼ਾ ਦੇਣ,ਪੀੜਤ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਦੇਣ ਤੇ ਇਸ ਦੀ ਉੱਚ ਪੱਧਰੀ ਜਾਂਚ ਕਰਨ ਦੀ ਮੰਗ ਕਰਦੀ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਨਾਇਟ ਕਲੱਬ ਦੀ ਛੱਤ ਡਿੱਗਣ ਕਾਰਨ ਮਸ਼ਹੂਰ ਗਾਇਕ ਰੂਬੀ ਪੀਰੀਜ ਸਮੇਤ 98 ਮੌਤਾਂ,225 ਸਖ਼ਤ ਜ਼ਖਮੀ ਤੇ 500 ਦੇ ਲਗਭਗ ਮਲਬੇ'ਚ ਦੱਬੇ ਹੋਣ ਵਾਲੀ ਮੰਦਭਾਗੀ ਘਟਨਾ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ,ਪੀੜਤ ਪਰਿਵਾਰਾਂ ਨੂੰ ਢੁਕਵਾਂ ਮੁਆਵਜ਼ਾ ਤੇ ਇਸ ਦੀ ਉੱਚ ਪੱਧਰੀ ਜਾਂਚ ਕਰਵਾਉਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਕੀਤਾ , ਭਾਈ ਖਾਲਸਾ ਨੇ ਦੱਸਿਆ ਸੂਤਰਾਂ ਮੁਤਾਬਕ ਇਸ ਨਾਇਟ ਕਲੱਬ ਛੂਹ ਵਿੱਚ ਚੋਟੀ ਦੇ ਅਦਾਕਾਰ ਤੇ ਚੋਟੀ ਦੇ ਸਿਆਸਤਦਾਨਾਂ ਤੋਂ ਇਲਾਵਾ ਸੈਂਕੜੇ ਅਫਸਰ ਤੇ ਹਜ਼ਾਰਾਂ ਮੰਨੇਂ ਪ੍ਰਮੰਨੇ ਮਾਇਆਧਾਰੀ ਲੋਕਾਂ ਦੇ ਸ਼ਾਮਲ ਹੋਣ ਦਾ ਪਤਾ ਲੱਗਾ ਹੈ, ਭਾਈ ਖਾਲਸਾ ਨੇ ਦੱਸਿਆ ਨਾਇਟ ਕਲੱਬ ਦੇ ਇਸ ਹਾਦਸੇ 'ਚ ਹੀਰੋ ਰੂਬੀ ਪੀਰੀਜ ਸਮੇਤ 98 ਮੌਤਾਂ, 225 ਜ਼ਖ਼ਮੀ ਤੇ ਮਲਬੇ'ਚ 500 ਤੋਂ ਵੱਧ ਫ਼ਸੇ ਲੋਕਾਂ ਦਾ ਖਦਸ਼ਾ ਹੈ, ਭਾਈ ਖਾਲਸਾ ਨੇ ਦੱਸਿਆ ਦੁਨੀਆਂ ਰੱਬ ਨੂੰ ਭੁੱਲ ਕੇ ਰੱਬ ਵਿਰੋਧੀ ਦੁਨੀਆਂ ਨਾਲ ਜੁੜ ਰਹੇ ਹਨ , ਭਾਈ ਖਾਲਸਾ ਨੇ ਇਹ ਵੀ ਠੀਕ ਹੈ ਕਿ ਦੁਨੀਆਂ ਰੱਬ ਦੀ ਬਣਾਈ ਹੋਈ ਹੈ ਅਤੇ ਬਿਲਕੁਲ ਝੂਠੀ ਵੀ ਹੈ,ਜਦੋਂ ਕਿ ਉਸ ਰੱਬ ਦਾ ਨਾਂ ਸੱਚ ਤੇ ਸਦਾ ਰਹਿਣ ਵਾਲਾ ਹੈ, ਭਾਈ ਖਾਲਸਾ ਨੇ ਦੱਸਿਆ ਇਸ ਕਰਕੇ ਮਨੁੱਖ ਨੂੰ ਸੰਸਾਰ ਵਿੱਚ ਵਿਚਰਦਿਆਂ ਹਮੇਸ਼ਾ ਆਪਣੇ ਨਿੱਜੀ ਹਿੱਤਾਂ ਲਈ ਲੋਕਾਂ ਨਾਲ ਧੋਧਾਬਾਜੀ, ਧੱਕੇਸਾਹੀ ਬੇਇਨਸਾਫ਼ੀ ਤੇ ਜ਼ੁਲਮ ਕਰਨ ਵਾਲੇ ਰੱਬ ਵਿਰੋਧੀ ਵਰਤਾਰੇ ਕਰਨ ਤੋਂ ਦੂਰ ਰਹੇਂ ਕਿ ਰੱਬ ਨੂੰ ਚੇਤੇ ਰੱਖਣਾ ਚਾਹੀਦਾ ਹੈ ਤਾਂ ਹੀ ਅਸੀਂ ਨਾਇਟ ਕਲੱਬ ਦੀ ਛੱਤ ਡਿੱਗਣ ਵਾਲੇ ਰੱਬੀ ਕਰੋਪੀ ਵਾਲੇ ਹਾਦਸਿਆਂ ਤੋਂ ਬਚ ਸਕਦੇ ਹਾਂ, ਭਾਈ ਖਾਲਸਾ ਨੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਹਮੇਸ਼ਾ ਨੇਕੀ ਦੇ ਕੰਮ ਕਰਨ ਦੇ ਨਾਲ-ਨਾਲ ਵਾਹਿਗੁਰੂ ਨੂੰ ਚੇਤੇ ਰੱਖਦਿਆਂ ਸੰਸਾਰ ਦੇ ਸਮੂਹ ਜੀਵ ਜੰਤੂਆਂ ਤੇ ਭਲਾ ਕਰਨ ਦੀ ਲੋਕਾਂ ਨੂੰ ਅਪੀਲ ਕਰਦੀ ਹੈ ਭਾਈ ਖਾਲਸਾ ਨੇ ਦੱਸਿਆ ਹਰ ਮਨੁੱਖ ਤੇ ਜੀਵ ਜੰਤੂ ਸਮੂਹ ਬਨਾਸਪਤੀ'ਚ ਉਸ ਪਰਮਾਤਮਾ ਦਾ ਵਾਸਾ ਹੈ, ਪਰ ਅੱਜ ਹਰ ਪਾਸੇ ਆਪਣੇ ਨਿੱਜੀ ਸਵਾਰਥਾਂ ਲਈ ਮਨੁੱਖ ਜੀਵ ਜੰਤੂ ਬਨਾਸਪਤੀ ਨੂੰ ਖਤਮ ਕਰੀ ਜਾ ਕੀਤਾ ਜਾ ਰਿਹਾ ਹੈ ਭਾਈ ਖਾਲਸਾ ਨੇ ਦੱਸਿਆ ਇਸੇ ਹੀ ਕਰੋਪੀ ਕਰਕੇ ਸੰਸਾਰ ਤੇ ਵੱਡੇ ਵੱਡੇ ਭੁਚਾਲਾਂ ਨਾਲ ਬਿਲਡਿੰਗ ਢਹਿ ਢੇਰੀ ਹੋ ਰਹੀਆਂ ਲੋਕ ਆਪਣੇ ਘਰਾਂ ਵਿੱਚੋ ਬਾਹਰ ਸੜਕਾਂ ਨੂੰ ਭੱਜ ਰਹੇ ਨੇ, ਮੰਦਰਾਂ'ਚ ਭਗਦੌੜ ਮਚ ਰਹੀ ਹੈ,ਰੇਲ ਗੱਡੀਆਂ ਦੇ ਲਗਾਤਾਰ ਹਾਦਸੇ ਵਧ ਰਹੇ ਨੇ ਕਿਉਂਕਿ ਮਨੁੱਖ ਜਿਸ ਮਕ.ਸਦ ਲਈ ਇਸ ਦੁਨੀਆਂ ਤੇ ਰੱਬ ਨੇ ਭੇਜਿਆ ਸੀ ਉਸ ਤੋਂ ਭਟਕ ਕੇ ਦੁਨੀਆਂ ਦੇ ਪਿੱਛੇ ਲੱਗ ਤੁਰਿਆ ਹੈ ਜੋ ਸਦਾ ਰਹਿਣ ਵਾਲੀ ਨਹੀਂ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਨਾਇਟ ਕਲੱਬ ਛੂਅ ਮੌਕੇ ਛੱਤ ਡਿੱਗਣ ਨਾਲ 98 ਮੌਤਾਂ 225 ਜ਼ਖ਼ਮੀ ਤੇ ਮਲਬੇ'ਚ ਸੈਂਕੜੇ ਫਸੇ ਹੋਣ ਵਾਲੇ ਹਾਦਸੇ ਦੇ ਪੀੜਤਾਂ ਨਾਲ ਗਹਿਰੀ ਹਮਦਰਦੀ ਤੇ ਢੁਕਵਾਂ ਮੁਆਵਜ਼ਾ ਦੇਣ ਦੇ ਨਾਲ ਨਾਲ ਉੱਚ ਪੱਧਰੀ ਜਾਂਚ ਕਰਵਾਉਣ ਦੀ ਮੰਗ ਕਰਨ ਦੇ ਨਾਲ-ਨਾਲ ਲੋਕਾਂ ਨੂੰ ਸਦਾ ਰਹਿਣ ਵਾਲੇ ਉਸ ਪ੍ਰਭੂ ਪ੍ਰਮਾਤਮਾ ਅਕਾਲ ਪੁਰਖ ਨਾਲ ਜੁੜਨ ਦੀ ਬੇਨਤੀ ਕਰਦੀ ਹੈ ਜਿਵੇਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਫੁਰਮਾਣ ਕਰਦੀ ਹੈ ( ਜਗਿ ਰਚਨਾ ਸਭ ਝੂਠ ਹੈ,ਜਾਨਿ ਲਿਓ ਰੇ ਮੀਤ) ਅਨੁਸਾਰ ਝੂਠੀ ਦੁਨੀਆਂ ਨੂੰ ਛੱਡ ਕੇ ਉਸ ਰੱਬ ਵਾਲੀ ਦੁਨੀਆ ਨਾਲ ਜੁੜਨ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ਜੋਂ ਆਪ ਜਪੁ ਦੇ ਤੇ ਹੋਰਨਾਂ ਨੂੰ ਜਪਣ ਲਈ ਪ੍ਰੇਰਤ ਕਰਦੇ ਹਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਹੋਈ ਮੀਟਿੰਗ—ਦੂਸਰੀਆਂ ਜਥੇਬੰਦੀਆਂ ਛੱਡ ਸ਼ਾਮਿਲ ਹੋਏ ਆਗੂਆਂ ਦਾ ਕੀਤਾ ਸਵਾਗਤ



**ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ)** :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਦੀ ਅਹਿਮ ਬੈਠਕ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਜਿਲ੍ਹਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ ਦੀ ਅਗਵਾਈ ਹੇਠ ਪਿੰਡ ਬਜੀਦਪੁਰ ਵਿਖੇ ਕੀਤੀ ਗਈ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਨੂੰ ਛੱਡ ਕੇ ਪਿੰਡ ਬਜੀਦਪੁਰ ਦੇ ਸਾਥੀਆਂ ਨੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦਾ ਪੱਲਾ ਫੜਿਆ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਹੋਇਆਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ ਅਤੇ ਜਥੇਬੰਦੀ ਦੇ ਸੰਵਧਾਨ ਤੋਂ ਜਾਣੂ ਕਰਵਾਇਆ। ਇਸ ਮੌਕੇ ਸਾਰੇ ਪਿੰਡ ਦੀ ਸਹਿਮਤੀ ਨਾਲ ਪਿੰਡ ਇਕਾਈ ਦਾ ਪ੍ਰਧਾਨ ਰਕੇਸ਼ ਕੁਮਾਰ ਨੰਬਰਦਾਰ ਨੂੰ ਬਣਾਇਆ ਗਿਆ, ਮੀਤ ਪ੍ਰਧਾਨ ਗੁਰਮੀਤ ਸਿੰਘ ਮੀਤਾ ਖਜਾਨਚੀ ਰਵਿੰਦਰ ਸਿੰਘ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਪ੍ਰੈੱਸ ਸਕੱਤਰ ਸੁਖਬੀਰ ਸਿੰਘ ਔਲਖ ਸਲਾਹਕਾਰ ਜਸਵਿੰਦਰ ਸਿੰਘ ਬਰਾੜ ਨੂੰ ਜਥੇਬੰਦੀ ਦੇ ਬੈਚ ਲਗਾ ਕੇ ਮਾਨਤਾ ਦਿੱਤੀ ਗਈ। ਇਸ ਮੌਕੇ ਜ਼ਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ ਜ਼ਿਲਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ ਮਮਦੋਟ ਬਲਾਕ ਜਨਰਲ ਸਕੱਤਰ ਹਰਬੰਸ ਸਿੰਘ ਜੋਧਪੁਰ ਪਰਮਿੰਦਰ ਸਿੰਘ, ਰਾਮਪਾਲ ਸਿੰਘ, ਜਸਪਾਲ ਸਿੰਘ, ਗਗਨਦੀਪ ਸਿੰਘ, ਗੁਰਮੀਤ ਸਿੰਘ, ਪਰਮਜੀਤ ਸਿੰਘ, ਸੁਰਜੀਤ ਕੁਮਾਰ, ਜ਼ੋਰਾ ਸਿੰਘ, ਭੁਪਿੰਦਰ ਸਿੰਘ, ਬਲਵਿੰਦਰ ਸਿੰਘ ਭੁੱਲਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਈ ਗੁਰਦਾਸ ਮਾਡਲ ਸਕੂਲ ਮਾੜੀ ਕੰਬੋਕੇ ਦਾ ਅੱਠਵੀਂ ਕਲਾਸ ਦਾ ਬੋਰਡ ਦਾ ਨਤੀਜਾ ਐਲਾਨਿਆ

# ਨਤੀਜਾ ਰਿਹਾ ਸੌ ਫ਼ੀਸਦੀ ਸ਼ਾਨਦਾਰ, ਪ੍ਰਿੰਸੀਪਲ ਬੇਅੰਤ ਸਿੰਘ ਨੇ ਬੱਚਿਆਂ ਨੂੰ ਵੰਡੇ ਸਰਟੀਫਿਕੇਟ






(**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**)-ਅੱਜ ਭਾਈ ਗੁਰਦਾਸ ਮਾਡਲ ਸਕੂਲ ਮਾੜੀ ਕੰਬੋਕੇ ਵਿਖੇ ਅੱਠਵੀਂ ਕਲਾਸ ਦਾ ਬੋਰਡ ਦਾ ਨਤੀਜਾ ਐਲਾਨਿਆ ਗਿਆ। ਜਿਸ ਵਿੱਚ ਬੱਚਿਆਂ ਨੇ ਬਹੁਤ ਵਧੀਆ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਮਿਹਨਤੀ ਵਿਦਿਆਰਥੀਆਂ ਵਿੱਚ ਗਗਨਦੀਪ ਕੌਰ ਨੇ 90.6% ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ ਹਾਸਲ ਕੀਤਾ।ਮਨਪ੍ਰੀਤ ਕੌਰ ਅਤੇ ਮਨਦੀਪ ਸਿੰਘ ਨੇ 90.5% ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਹਾਸਲ ਕੀਤਾ।ਗਗਨਦੀਪ ਕੌਰ ਨੇ ਪੰਜਾਬੀ ਵਿੱਚੋਂ 98%, ਸਾਇੰਸ (ਅੰਗਰੇਜ਼ੀ ਮਾਧਿਅਮ) ਵਿੱਚੋਂ 96%, ਹਿੰਦੀ ਵਿੱਚੋਂ 93%, ਅੰਗਰੇਜ਼ੀ ਵਿੱਚੋਂ 93% ਅੰਕ ਪ੍ਰਾਪਤ ਕੀਤੇ। ਇਸੇ ਤਰ੍ਹਾਂ ਮਨਦੀਪ ਸਿੰਘ ਨੇ ਪੰਜਾਬੀ ਵਿੱਚੋਂ 99%, ਸਾਇੰਸ (ਅੰਗਰੇਜ਼ੀ ਮਾਧਿਅਮ) ਵਿੱਚੋਂ 97%, ਹਿੰਦੀ ਵਿੱਚੋਂ 92%, ਅੰਗਰੇਜ਼ੀ ਵਿੱਚੋਂ 90% ਅੰਕ ਪ੍ਰਾਪਤ ਕੀਤੇ। ਅਤੇ ਮਨਪ੍ਰੀਤ ਕੌਰ ਨੇ ਪੰਜਾਬੀ ਵਿੱਚੋਂ 99%, ਸਾਇੰਸ (ਅੰਗਰੇਜ਼ੀ ਮਾਧਿਅਮ) ਵਿੱਚੋਂ 99%, ਹਿੰਦੀ ਵਿੱਚੋਂ 90%, ਅੰਗਰੇਜ਼ੀ ਵਿੱਚੋਂ 92% ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰ ਬੇਅੰਤ ਸਿੰਘ ਜੀ ਨੇ ਬੱਚਿਆਂ ਨੂੰ ਸਰਟੀਫਿਕੇਟ ਵੰਡੇ ਅਤੇ ਕਿਹਾ ਕਿ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ ਨੂੰ ਜਾਂਦਾ ਹੈ ਜਿੰਨ੍ਹਾਂ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਕਰਵਾ ਕੇ ਇਸ ਨਤੀਜੇ ਦੇ ਕਾਬਲ ਬਣਾਇਆ ਹੈ।ਨਤੀਜੇ ਦਾ ਐਲਾਨ ਕਰਨ ਸਮੇਂ ਪਿੰਡ ਦੇ ਸਰਪੰਚ ਸ੍ਰ ਨਿਸ਼ਾਨ ਸਿੰਘ ਜੀ ਅਤੇ ਗੁਰਮਤਿ ਟੀਚਰ ਸ੍ਰ ਸੁਖਦੇਵ ਸਿੰਘ ਕੰਬੋਕੇ ਹਾਜ਼ਰ ਸਨ, ਜਿੰਨ੍ਹਾਂ ਨੂੰ ਪ੍ਰਿੰਸੀਪਲ ਸ੍ਰ ਬੇਅੰਤ ਸਿੰਘ ਜੀ ਨੇ ਸਿਰਪਾਉ ਦੇ ਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਦਿਨੋ—ਦਿਨ ਸੰਗਤਾਂ ਦੀ ਸ਼ਰਧਾ ਅਤੇ ਆਸਥਾ ਵਿਚ ਵਾਧਾ ਕਰ ਰਿਹੈ ਹੈ ਫ਼ਿਰੋਜ਼ਪੁਰ ਦਾ ਗੁਰਦੁਆਰਾ-ਭਾਈ ਹਾਕਮ ਸਿੰਘ

### ਨਵੀਂ ਬਿਲਡਿੰਗ ਬਨਣ ਤੱਕ ਸੰਗਤਾਂ ਨੂੰ ਕਰਨਾ ਪਵੇਗਾ ਮੁਸ਼ਿਕਲਾਂ ਦਾ ਸਾਹਮਣਾ



**ਫ਼ਿਰੋਜ਼ਪੁਰ, 8 ਅਪ੍ਰੈਲ (ਮਨੋਹਰ ਲਾਲ)** :— ਸਥਾਨਕ ਸ਼ਹਿਰ ਦੇ ਮਖੂ ਗੇਟ ਸਥਿਤ ਪੁਰਾਣੇ ਬਣੇ ਗੁਰਦੁਆਰਾ ਭਾਈ ਹਾਕਮ ਸਿੰਘ ਜ਼ੋ ਕਿ ਸ਼ਹੀਦ ਬਾਬਾ ਦੀਪ ਸਿੰਘ ਦੇ ਨਾਮ ਨਾਲ ਜਾਣਿਆ ਜਾਂਦਾ ਹੈ, ਦਿਨੋਂ—ਦਿਨ ਸੰਗਤਾਂ ਦੀ ਸ਼ਰਧਾ ਅਤੇ ਆਸਥਾ ਦਾ ਕੇਂਦਰ ਬਣ ਚੁੱਕਿਆ ਹੈ ਅਤੇ ਲਗਾਤਾਰ ਸੰਗਤਾਂ ਦੀ ਆਸਥਾ ਵਿਚ ਵਾਧਾ ਕਰ ਰਿਹਾ ਹੈ।ਜਿਥੇ ਇਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀ ਸੰਗਤਾਂ ਵੱਲੋਂ ਹਰ ਸਾਲ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੜੇ ਵੱਡੇ ਪੱਧਰ ਤੇ ਨਵੰਬਰ ਮਹੀਨੇ ਵਿਚ ਮਨਾਇਆ ਜਾਂਦਾ ਹੈ, ਉਥੇ ਹੋਰ ਵੀ ਕਈ ਵੱਡੇ ਸਮਾਗਮ ਇਸ ਗੁਰਦੁਆਰਾ ਸਾਹਿਬ ਵਿਚ ਮਨਾਏ ਜਾਂਦੇ ਹਨ ਅਤੇ ਐਤਵਾਰ ਵੱਡੀ ਗਿਣਤੀ ਵਿਚ ਸੰਗਤ ਦੂਰ ਦੁਰਾਡੇ ਤੋਂ ਆ ਕੇ ਚੁਪਹਿਰਾ ਸਾਹਿਬ ਦੇ ਜਾਪ ਵਿਚ ਸ਼ਾਮਲ ਹੁੰਦੀ ਹੈ। ਸੰਗਤਾਂ ਦੀਆਂ ਕੀਤੀਆਂ ਅਰਦਾਸਾਂ ਪੂਰੀਆਂ ਹੋਣ ਕਰਕੇ ਸੰਗਤਾਂ ਦਾ ਵਿਸਵਾਸ਼ ਦਿਨੋ ਦਿਨ ਵੱਧ ਰਿਹਾ ਹੈ, ਭਾਵੇਂ ਇਸ ਗੁਰਦੁਆਰਾ ਸਾਹਿਬ ਦੀ ਬਿਲਡਿੰਗ ਸੰਗਤਾਂ ਦੀ ਗਿਣਤੀ ਦੇ ਅਨੁਕੂਲ ਅਜੇ ਨਹੀਂ ਹੈ ਅਤੇ ਸੰਗਤਾਂ ਨੂੰ ਕੁਝ ਸਮਾਂ ਹੋਰ ਮੁਸ਼ਿਕਲ ਦਾ ਸਾਹਮਣਾ ਕਰਨਾ ਪਵੇਗਾ, ਪਰ ਗੁਰਦੁਆਰਾ ਕਮੇਟੀ ਵੱਲੋਂ ਹੋਰ ਨਾਲ ਦੀ ਜਗ੍ਹਾ ਲੈ ਕੇ ਇਸ ਗੁਰਦੁਆਰਾ ਸਾਹਿਬ ਦਾ ਵਿਸਥਾਰ ਕੀਤਾ ਜਾ ਰਿਹਾ ਹੈ, ਜਿਸ ਦਾ ਕੰਮ ਜੰਗੀ ਪੱਧਰ ਤੇ ਜਾਰੀ ਹੈ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਾਬਾ ਮੁਖਤਿਆਰ ਸਿੰਘ ਤੇ ਸਰਪ੍ਰਸਤ ਭਾਈ ਜ਼ਸਪਾਲ ਸਿੰਘ ਨੇ ਦੱਸਿਆ ਕਿ ਸੰਗਤਾਂ ਦੀ ਮੁਸ਼ਿਕਲ ਨੂੰ ਦੇਖਦਿਆਂ ਹੋਰ ਜਗ੍ਹਾ ਲੈ ਕੇ ਉਸਾਰੀ ਸ਼ੁਰੂ ਕਰ ਦਿੱਤੀ ਗਈ ਹੈ, ਜ਼ੋ ਕਿ ਅਗਲੇ ਤਿੰਨ ਚਾਰ ਮਹੀਨਿਆਂ ਤੱਕ ਇਸ ਗੁਰਦੁਆਰਾ ਸਾਹਿਬ ਦਾ ਵਿਸਥਾਰ ਹੋ ਜਾਵੇਗਾ ਅਤੇ ਫਿਰ ਸੰਗਤਾਂ ਨੂੰ ਕੋਈ ਮੁਸ਼ਿਕਲ ਪੇਸ਼ ਨਹੀਂ ਆਵੇਗੀ। ਆਗੂਆਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਚੱਲ ਰਹੀ ਇਸ ਉਸਾਰੀ ਵਿਚ ਵੱਧ ਤੋਂ ਵੱਧ ਯੋਗਦਾਨ ਪਾ ਕੇ ਗੁਰੂ ਦੀਆਂ ਖੁਸ਼ੀਆਂ ਹਾਸਲ ਕਰਨ। ਇਸ ਸਮੇਂ ਉਕਤ ਆਗੂਆਂ ਦੇ ਨਾਲ ਸੁਰਜੀਤ ਸਿੰਘ, ਨਿਰਮਲ ਸਿੰਘ, ਪਰਗਟ ਸਿੰਘ, ਸੁਖਬੀਰ ਸਿੰਘ ਸੰਧੂ, ਅਨੂਪ ਸਿੰਘ, ਪਿੱਪਲ ਸਿੰਘ ਅਤੇ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

## ਗੁਰ ਮਿਹਰ ਸੇਵਾ ਕਮੇਟੀ ਦੀ ਪ੍ਰੇਰਣਾ ਸਦਕਾ 21 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ



**ਚੌਕ ਮਹਿਤਾ, 9 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖਾਲਸੇ ਪੰਥ ਦੇ ਸਾਜਨਾ ਦਿਵਸ ਦੀਆਂ ਖੁਸੀਆ ਵਿੱਚ ਅਤੇ ਗੁਰ ਮਿਹਰ ਸੇਵਾ ਕਮੇਟੀ ਰਜਿ: ਦੀ ਪਰੇਨਾ ਸਦਕਾ ਸ੍ਰੀ ਅਕਾਲ ਤਖਤ ਸਾਹਿਬ ਜੀ ਤੋਂ 21ਗੁਰਮੁੱਖਾ ਨੇ ਅਮਿਰਤ ਛੱਕਿਆ ਅਤੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀਆਂ ਖੁਸੀਆ ਪ੍ਰਾਪਤ ਕੀਤੀਆਂ। ਕਿਉਂਕਿ ਗੁਰ ਮਿਹਰ ਸੇਵਾ ਕਮੇਟੀ ਇਲਾਕੇ ਵਿੱਚ ਲੋੜਵੰਦਾਂ ਦੀ ਸੇਵਾ ਵਿੱਚ ਪਹਿਲੇ ਨੰਬਰ ਵਿੱਚ ਹੈ। ਇਸ ਮੌਕੇ ਤੇ ਭਾਈ ਮੁਖਤਾਰ ਸਿੰਘ ਖਾਲਸਾ ਕਲੇਰ, ਭਾਈ ਮਲਕੀਅਤ ਸਿੰਘ ਬੱਗਾ, ਹੈਡ ਗ੍ਰੰਥੀ ਬਾਬਾ ਸੁਖਵਿੰਦਰ ਸਿੰਘ ਕਲੇਰ ਬਾਲਾ, ਕੈਪਟਨ ਜਗਤਾਰ ਸਿੰਘ, ਲਵਪਰੀਤ ਸਿੰਘ, ਕੰਵਲਜੀਤ ਸਿੰਘ ਉਦੋਕੇ ਆਦਿ ਹਾਜਰ ਸਨ।

## ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਲੇਖ ਰਚਨਾ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ

**ਅੰਮ੍ਰਿਤਸਰ, 9 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**—ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੇ ਮਾਤ ਭਾਸ਼ਾ ਪੰਜਾਬੀ 'ਚ ਲੇਖ ਰਚਨਾ ਮੁਕਾਬਲੇ ਦੌਰਾਨ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਦਿਆਂ ਟਰਾਫ਼ੀ ਅਤੇ ਨਗਦੀ ਇਨਾਮ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਪ੍ਰਿੰਸੀਪਲ ਸ੍ਰੀਮਤੀ ਨਿਰਮਲਜੀਤ ਕੌਰ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਆਉਂਦੇ ਅਦਾਰਿਆਂ ਵਿਖੇ ਵਿਦਿਆਰਥੀਆਂ ਨੂੰ ਪੰਜਾਬੀ ਮਾਂ-ਬੋਲੀ ਨਾਲ ਜੋੜਨ, ਭਾਵਨਾਵਾਂ ਨੂੰ ਸ਼ਬਦਾਂ ਰਾਹੀਂ ਵਿਅਕਤ ਕਰਨ, ਆਤਮ ਵਿਸ਼ਵਾਸ ਪੈਦਾ ਕਰਨ ਸਬੰਧੀ ਵੱਖ-ਵੱਖ ਮੁਕਾਬਲੇ ਕਰਵਾਏ ਜਾਂਦੇ ਹਨ। ਇਸੇ ਕੜੀ ਤਹਿਤ ਖਾਲਸਾ ਕਾਲਜ ਦੇ ਗੁਰਮਤਿ ਸਟੱਡੀ ਸੈਂਟਰ ਵਿਖੇ ਮਾਤ-ਭਾਸ਼ਾ ਪੰਜਾਬੀ 'ਚ ਲੇਖ-ਰਚਨਾ ਮੁਕਾਬਲੇ ਕਰਵਾਏ ਗਏ, ਜਿਸ 'ਚ ਸਕੂਲ ਵਿਦਿਆਰਥੀਆਂ ਨੇ ਭਾਗ ਲੈਂਦਿਆਂ ਜੇਤੂ ਇਨਾਮ ਹਾਸਲ ਕੀਤੇ। ਉਨ੍ਹਾਂ ਕਿਹਾ ਕਿ ਉਪਰੋਕਤ ਮੁਕਾਬਲੇ ਦੇ ਸੀਨੀਅਰ ਵਰਗ 'ਚ ਭਾਗ ਲੈਂਦਿਆਂ ਅਰਮਾਨਪ੍ਰੀਤ ਕੌਰ ਨੇ ਵਿਸ਼ੇਸ਼ ਸਨਮਾਨ ਹਾਸਲ ਕੀਤਾ, ਜੈਸ਼ਦੀਪ ਕੌਰ ਨੇ ਜੇਤੂ ਟਰਾਫ਼ੀ ਆਪਣੇ ਨਾਮ ਕਰਦਿਆਂ ਨਗਦੀ ਇਨਾਮ ਹਾਸਲ ਕੀਤਾ। ਉਨ੍ਹਾਂ ਕਿਹਾ ਕਿ ਭਾਸ਼ਾ ਮਨੁੱਖੀ ਸਮਾਜ ਦੇ ਸੂਖਮ ਅਤੇ ਸਥੂਲ ਵਿਰਸੇ ਦੀ ਸੰਭਾਲ ਅਤੇ ਵਿਕਾਸ ਵਾਸਤੇ ਸ਼ਕਤੀਸ਼ਾਲੀ ਮਾਧਿਅਮ ਹੁੰਦੀ ਹੈ। ਮਾਂ ਬੋਲੀ ਵਿਅਕਤੀ ਵਿਸ਼ੇਸ਼ ਦੀਆਂ ਭਾਵਨਾਵਾਂ ਨੂੰ ਪ੍ਰਗਟਾਉਣ ਦਾ ਸਭ ਤੋਂ ਸ਼ਕਤੀਸ਼ਾਲੀ ਸਾਧਨ ਹੈ। ਉਨ੍ਹਾਂ ਵਿਦਿਆਰਥੀਆਂ ਵੱਲੋਂ ਪ੍ਰਭਾਵਸ਼ਾਲੀ ਅੰਦਾਜ਼ 'ਚ ਆਪਣੀਆਂ ਰਚਨਾਵਾਂ ਨੂੰ ਮਾਤ-ਭਾਸ਼ਾ ਪੰਜਾਬੀ 'ਚ ਪ੍ਰਗਟਾਉਣ 'ਤੇ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਸਮੂਹ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223